

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ

ਮਾਸਿਕ

# ਸੇਵਾ ਸਰਗਰਮੀਆਂ

ਲੜੀ ਨੰਬਰ 24, ਫਰਵਰੀ 2020 (ਮਾਘ-ਫੱਗਣ ਸੰਮਤ ਨਾਨਕਸ਼ਾਹੀ 551) | ਮੁੱਖ ਸੰਪਾਦਕ : ਮਹਿੰਦਰ ਸਿੰਘ ਆਹਲੀ | ਪ੍ਰਕਾਸ਼ਕ : ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ | ਫੋਨ : 01832553956-60 | ਈਮੇਲ : sgpcsargarmiya@gmail.com


## ਸਿੱਖ ਗੁਰਦੁਆਰਾ ਐਕਟ ਵਿਚ ਛੇੜ-ਛਾੜ ਕਰ ਕੇ ਸਿੱਖ ਸ਼ਕਤੀ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਨਾ ਕਰੇ ਕੈਪਟਨ ਸਰਕਾਰ -ਭਾਈ ਲੌਂਗੋਵਾਲ

ਅੰਮ੍ਰਿਤਸਰ- ਸਿੱਖ ਪੰਥ ਦੀ ਸਿਰਮੌਰ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਤੋੜਨ ਲਈ ਪੰਜਾਬ ਦੀ ਕਾਂਗਰਸ ਸਰਕਾਰ ਵੱਲੋਂ ਚੱਲੀਆਂ ਜਾ ਰਹੀਆਂ ਚਾਲਾਂ ਨਾਲ ਕਾਂਗਰਸ ਦਾ ਸਿੱਖ ਵਿਰੋਧੀ ਚਿਹਰਾ ਇੱਕ ਵਾਰ ਫਿਰ ਤੋਂ ਨੰਗਾ ਹੋ ਗਿਆ ਹੈ। ਇਸ ਨਾਲ ਸਿੱਧ ਹੋ ਗਿਆ ਹੈ ਕਿ ਕੈਪਟਨ ਸਰਕਾਰ ਸਿੱਖ ਮਸਲਿਆਂ ਨੂੰ ਜਾਣਬੁਝ ਕੇ ਉਲਝਾਉਣਾ ਚਾਹੁੰਦੀ ਹੈ। ਪਰੰਤੂ ਸਿੱਖ ਪੰਥ ਪੰਜਾਬ ਦੀ ਕਾਂਗਰਸ ਸਰਕਾਰ ਦੀਆਂ ਚਾਲਾਂ ਨੂੰ ਕਾਮਯਾਬ ਨਹੀਂ ਹੋਣ ਦੇਵੇਗਾ ਅਤੇ ਸਿੱਖ ਸੰਸਥਾ ਨੂੰ ਕਮਜ਼ੋਰ ਕਰਨ ਵਾਲੀ ਸੋਚ ਦਾ ਹਰ ਪੱਧਰ 'ਤੇ ਮੂੰਹ ਤੋੜ ਜਵਾਬ ਦਿੱਤਾ ਜਾਵੇਗਾ। ਇਹ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਜਾਰੀ ਇੱਕ ਪ੍ਰੈੱਸ ਬਿਆਨ ਵਿਚ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬੀ ਦੇ ਇੱਕ ਅਖਬਾਰ ਵਿਚ ਪੰਜਾਬ ਸਰਕਾਰ ਦੀ ਉਸ ਮਨਸ਼ਾ ਦਾ ਸਪਸ਼ਟ ਖੁਲਾਸਾ ਕੀਤਾ ਗਿਆ ਹੈ, ਜਿਸ ਵਿਚ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਸ਼੍ਰੋਮਣੀ ਕਮੇਟੀ ਦਾ ਦਾਇਰਾ ਘਟਾਉਣ ਵਾਲੀ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਹੀ ਕਦਮ ਦੱਸਣ ਦੀ ਕੋਸ਼ਿਸ਼ ਵਿਚ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮਾਮਲਾ ਉਠਣ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸ਼੍ਰੋਮਣੀ ਅਕਾਲੀ ਦਲ ਨੇ ਇਸ ਦਾ ਜ਼ੋਰਦਾਰ ਵਿਰੋਧ ਕੀਤਾ ਸੀ। ਅੱਜ ਵੀ ਇਸ ਸਬੰਧੀ ਸੁਪਰੀਮ ਕੋਰਟ ਵਿਚ ਕੇਸ ਚੱਲ ਰਿਹਾ ਹੈ, ਪਰੰਤੂ ਪੰਜਾਬ ਦੀ ਮੌਜੂਦਾ ਸਰਕਾਰ ਜਾਣ ਬੁਝ ਕੇ ਸਿੱਖ ਸੰਸਥਾ ਨੂੰ ਤੋੜਨ ਦੇ ਰਾਹ ਤੁਰ ਪਈ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਿੱਖਾਂ ਦੇ ਧਾਰਮਿਕ ਮਸਲਿਆਂ ਵਿਚ ਪੰਜਾਬ ਦੀ ਕਾਂਗਰਸ ਸਰਕਾਰ ਵੱਲੋਂ ਸਿੱਧੀ ਦਖਲ ਅੰਦਾਜ਼ੀ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਆਖਿਆ ਕਿ ਸ਼ਾਇਦ ਕੈਪਟਨ ਅਮਰਿੰਦਰ ਸਿੰਘ ਸ਼੍ਰੋਮਣੀ ਕਮੇਟੀ ਦੀ ਸਥਾਪਨਾ ਦਾ ਇਤਿਹਾਸ ਭੁੱਲ ਗਏ ਹਨ। ਉਨ੍ਹਾਂ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਇਸ ਦਾ ਗਠਨ ਕਰਨ ਲਈ ਪੰਥ ਨੂੰ ਵੱਡੀਆਂ ਕੁਬਾਨੀਆਂ ਦੇਣੀਆਂ ਪਈਆਂ ਸਨ। ਇਸ ਸੰਸਥਾ ਕਾਰਨ ਹੀ ਗੁਰੂ ਘਰਾਂ ਦਾ ਪ੍ਰਬੰਧ ਸੰਗਤੀ ਹੱਥਾਂ ਵਿਚ ਸੁਰੱਖਿਅਤ ਹੈ।

ਭਾਈ ਲੌਂਗੋਵਾਲ ਨੇ ਕਿਹਾ ਕਿ ਕਿਸੇ ਵੀ ਸੂਬਾਈ ਸਰਕਾਰ ਨੂੰ ਕੋਈ ਅਧਿਕਾਰ ਨਹੀਂ ਹੈ ਕਿ ਉਹ ਸ਼੍ਰੋਮਣੀ ਕਮੇਟੀ ਦੇ ਮਾਮਲਿਆਂ ਵਿਚ ਦਖਲ ਦੇਵੇ। ਇਹ ਇੱਕ ਖੁਦਮੁਖਤਾਰ ਸੰਸਥਾ ਹੈ, ਜੋ ਸਿੱਖ ਗੁਰਦੁਆਰਾ ਐਕਟ 1925 ਰਾਹੀਂ ਗੁਰਦੁਆਰਾ ਸਾਹਿਬਾਨ ਦਾ ਪ੍ਰਬੰਧ ਦੇਖਦੀ ਹੈ। ਇਸ ਦੀਆਂ ਚੋਣਾ ਸਮੇਤ ਕਿਸੇ ਵੀ ਤਰ੍ਹਾਂ ਦੀਆਂ ਸੋਧਾਂ ਤੇ ਸੇਧਾਂ ਦਾ ਅਧਿਕਾਰ ਖੇਤਰ ਕੇਵਲ ਭਾਰਤ ਸਰਕਾਰ ਪਾਸ ਹੈ। ਇਸ ਲਈ ਕੈਪਟਨ ਸਰਕਾਰ ਨੂੰ ਆਪਣੇ ਦਾਇਰੇ ਵਿਚ ਰਹਿਣਾ ਚਾਹੀਦਾ ਹੈ। ਉਨ੍ਹਾਂ ਕੈਪਟਨ ਅਮਰਿੰਦਰ ਸਿੰਘ ਨੂੰ ਨਸੀਹਤ ਦਿੱਤੀ ਕਿ ਉਹ ਕੇਵਲ ਆਪਣੀ ਸਰਕਾਰ ਦੀ ਸੀਮਾ ਵਿਚ ਰਹਿੰਦਿਆਂ ਪੰਜਾਬ ਦੇ ਲੋਕਾਂ ਦੀ ਭਲਾਈ ਵੱਲ ਹੀ ਧਿਆਨ ਦੇਣ, ਨਾ ਕਿ ਸਿੱਖ ਸ਼ਕਤੀ ਨੂੰ ਕਮਜ਼ੋਰ ਕਰਨ ਲਈ ਚਾਲਾਂ ਚੱਲਣ।

## ਸ਼੍ਰੋਮਣੀ ਕਮੇਟੀ ਵੱਲੋਂ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤਾਮਿਲਨਾਡੂ 'ਚ ਗੁਰਮਤਿ ਸਮਾਗਮ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤਾਮਿਲਨਾਡੂ ਵਿਖੇ ਇਕ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਇਆ ਗਿਆ। ਗੁਰਦੁਆਰਾ ਗੁਰੂ ਨਾਨਕ ਧਾਮ ਰਾਮੇਸ਼ਵਰਮ 'ਚ ਹੋਏ ਇਸ ਗੁਰਮਤਿ ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਸਮੇਤ ਸਿੱਖ ਕੌਮ ਦੀਆਂ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਗੁਰਦੁਆਰਾ ਗੁਰੂ ਨਾਨਕ ਧਾਮ ਰਾਮੇਸ਼ਵਰਮ (ਤਾਮਿਲਨਾਡੂ) ਪਹਿਲੇ ਪਾਤਸ਼ਾਹ ਜੀ ਨਾਲ ਸਬੰਧਤ ਇਤਿਹਾਸਕ ਅਸਥਾਨ ਹੈ, ਜਿਥੇ ਗੁਰੂ ਸਾਹਿਬ ਆਪਣੀ ਦੂਸਰੀ ਉਦਾਸੀ ਦੌਰਾਨ ਗਏ ਸਨ। ਇਸ ਇਤਿਹਾਸਕ ਅਸਥਾਨ 'ਤੇ ਕਰਵਾਏ ਗਏ ਗੁਰਮਤਿ ਸਮਾਗਮ ਦੌਰਾਨ ਚੇਨਈ, ਤਿਰਚੀ, ਮਦੁਰਾਈ, ਬੰਗਲੌਰ, ਕੋਇਮਬਤੂਰ, ਬਿਜਨੌਰ ਆਦਿ ਥਾਵਾਂ ਤੋਂ ਵੱਡੀ ਗਿਣਤੀ ਸੰਗਤ ਨੇ ਹਾਜ਼ਰੀ ਭਰੀ।

ਸਮਾਗਮ ਸਮੇਂ ਸੰਗਤ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗੁਰਦੁਆਰਾ ਸਾਹਿਬ ਲਈ 5 ਲੱਖ ਰੁਪਏ ਦੀ ਸਹਾਇਤਾ ਦੇਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਥੇ ਗੁਰਮਤਿ ਸਮਾਗਮ ਕਰਨ ਦਾ ਮੰਤਵ ਜਿਥੇ ਪਹਿਲੇ ਪਾਤਸ਼ਾਹ ਜੀ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਨਾ ਹੈ, ਉਥੇ ਹੀ ਤਾਮਿਲਨਾਡੂ ਅਤੇ ਨਾਲ ਲਗਦੇ ਇਲਾਕਿਆਂ ਵਿਚ ਵੱਸਦੇ ਸਿੱਖਾਂ ਨਾਲ ਮੇਲ-ਜੋਲ ਨੂੰ ਵਧਾਉਣਾ ਵੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਅਗਲੇ ਸਮਿਆਂ ਅੰਦਰ ਵੀ ਕਰਵਾਏ ਜਾਣਗੇ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਗੁਰੂ ਸਾਹਿਬ ਦੇ ਇਸ ਇਤਿਹਾਸਕ ਅਸਥਾਨ ਵਿਖੇ ਵੱਡੀ ਪੱਧਰ 'ਤੇ ਸੰਗਤ ਜੁੜਨੀ ਆਪਣੇ ਆਪ ਵਿਚ ਇਤਿਹਾਸਕ ਗੱਲ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਧਰਮ ਪ੍ਰਚਾਰ ਯਾਤਰਾਵਾਂ ਦੌਰਾਨ ਦੇਸ਼ ਦੁਨੀਆਂ ਦੇ ਕਈ ਹਿੱਸਿਆਂ ਵਿਚ ਆਪਣੇ ਮੁਬਾਰਕ ਚਰਨ ਪਾਏ ਹਨ, ਜਿਨ੍ਹਾਂ ਵਿੱਚੋਂ ਰਮੇਸ਼ਵਰਮ ਵੀ ਇਕ ਹੈ। ਉਨ੍ਹਾਂ ਸਿੱਖ ਸੰਗਤ ਨੂੰ ਸਿੱਖ ਕੌਮ ਦੇ ਸਰਵਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਵਿਚ ਇਕਜੁਟ ਰਹਿਣ ਦੀ ਅਪੀਲ ਕੀਤੀ ਅਤੇ ਵਿਸ਼ਵਾਸ ਦਿਵਾਇਆ ਕਿ ਸਿੱਖ ਕੌਮ ਹਮੇਸ਼ਾ ਦੇਸ਼ ਦੁਨੀਆ 'ਚ ਵੱਸਦੇ ਸਿੱਖਾਂ ਨਾਲ ਚਟਾਨ ਵਾਂਗ ਖੜ੍ਹੀ ਹੈ।

ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜੋਰਾ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਸਰਵਣ ਕਰਵਾਇਆ ਅਤੇ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਸਮਾਗਮ ਦੌਰਾਨ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਗੁਰਦੁਆਰਾ ਸਾਹਿਬ ਰਮੇਸ਼ਵਰਮ ਦੇ ਪ੍ਰਧਾਨ ਸ. ਹਰਬੰਸ ਸਿੰਘ, ਬਾਬਾ ਜਗਜੀਤ ਸਿੰਘ ਕਾਕਾ ਵੀਰ ਜੀ, ਸ. ਬਲਬੀਰ ਸਿੰਘ ਲੋਟਾ, ਸ. ਹਰਮੰਦਰ ਸਿੰਘ, ਸ. ਗਗਨਦੀਪ ਸਿੰਘ, ਸ. ਜਗਮੋਹਨ ਸਿੰਘ ਰਾਜੂ, ਸ. ਸੁਰਜੀਤ ਸਿੰਘ ਮਦਾਨ, ਸ. ਓਅੰਕਾਰ ਸਿੰਘ, ਸ. ਬਲਦੇਵ ਸਿੰਘ, ਸ. ਜਗੀਰ ਸਿੰਘ, ਸ. ਪਰਮਜੀਤ ਸਿੰਘ, ਸ. ਸਤਨਾਮ ਸਿੰਘ ਆਦਿ ਮੌਜੂਦ ਸਨ।

## ਸਿੱਖ ਕੌਮ ਲਈ ਪ੍ਰੇਰਨਾ ਸਰੋਤ ਹੈ ਸ਼ਹੀਦ ਭਾਈ ਮਨੀ ਸਿੰਘ ਜੀ ਦਾ ਜੀਵਨ- ਭਾਈ ਲੌਂਗੋਵਾਲ

### ਗੁਰਦੁਆਰਾ ਕੈਂਬੋਵਾਲ ਸਾਹਿਬ ਲੌਂਗੋਵਾਲ ਵਿਖੇ ਤਿੰਨ ਰੋਜ਼ਾ ਗੁਰਮਤਿ ਸਮਾਗਮ ਸੰਪੰਨ



ਅੰਮ੍ਰਿਤਸਰ- ਸਿੱਖ ਪੰਥ ਦੇ ਮਹਾਨ ਸ਼ਹੀਦ ਭਾਈ ਮਨੀ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਕੈਂਬੋਵਾਲ ਸਾਹਿਬ ਲੌਂਗੋਵਾਲ ਵਿਖੇ ਤਿੰਨ ਦਿਨਾਂ ਗੁਰਮਤਿ ਸਮਾਗਮ ਕਰਵਾਏ ਗਏ। ਸਮਾਗਮਾਂ ਦੀ ਸਮਾਪਤੀ ਸਮੇਂ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਪਾਏ ਗਏ, ਜਿਸ ਉਪਰੰਤ ਸਿੱਖ ਪੰਥ ਦੇ ਪ੍ਰਸਿੱਧ ਰਾਗੀ ਤੇ ਢਾਡੀ ਜਥਿਆਂ ਨੇ ਗੁਰਬਾਣੀ ਕੀਰਤਨ ਅਤੇ ਇਤਿਹਾਸ ਨਾਲ ਸੰਗਤ ਨੂੰ ਜੋੜਿਆ। ਸਮਾਗਮ ਦੌਰਾਨ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸ਼ਹੀਦ ਭਾਈ ਮਨੀ ਸਿੰਘ ਦਾ ਜੀਵਨ ਸਿੱਖ ਜੀਵਨ ਜਾਂਚ ਲਈ ਮਿਸਾਲੀ ਹੈ ਅਤੇ ਉਨ੍ਹਾਂ ਦੀ ਦੇਣ ਨੂੰ ਕਦੀ ਵੀ ਭੁਲਾਇਆ ਨਹੀਂ ਜਾ ਸਕਦਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਆਖਿਆ ਕਿ ਭਾਈ ਮਨੀ ਸਿੰਘ ਜੀ ਨੇ ਆਪਣੀ ਸੂਝ-ਬੂਝ ਨਾਲ ਅਤਿਅੰਤ ਬਿਖੜੇ ਸਮੇਂ ਵਿਚ ਪੰਥ ਨੂੰ ਇਕਮੁੱਠ ਰੱਖਿਆ ਤੇ ਪੰਥ ਵਿਚ ਵੰਡੀਆਂ ਪਾਉਣ ਵਾਲਿਆਂ ਨੂੰ ਕਰਾਰਾ ਜਵਾਬ ਦਿੱਤਾ। ਉਨ੍ਹਾਂ ਕਿਹਾ ਕਿ ਭਾਈ ਸਾਹਿਬ ਦਾ ਜੀਵਨ ਸਾਨੂੰ ਹਰ ਵੱਡੇ ਸੰਕਟ ਅਤੇ ਕਠਨ ਪ੍ਰਸਥਿਤੀਆਂ ਦਾ ਡਟ ਕੇ ਮੁਕਾਬਲਾ ਕਰਨ ਲਈ ਹੌਂਸਲਾ ਪ੍ਰਦਾਨ ਕਰਦਾ ਹੈ। ਉਨ੍ਹਾਂ ਤਿੰਨ ਦਿਨਾਂ ਗੁਰਮਤਿ ਸਮਾਗਮ ਸਮੇਂ ਪਹੁੰਚੀ ਸੰਗਤ ਦਾ ਧੰਨਵਾਦ ਕੀਤਾ ਅਤੇ ਪੁੱਜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

ਇਨ੍ਹਾਂ ਗੁਰਮਤਿ ਸਮਾਗਮਾਂ ਸਮੇਂ ਸਿੱਖ ਨੌਜੁਆਨਾਂ ਅੰਦਰ ਦਸਤਾਰ ਦੇ ਮਹੱਤਵ ਨੂੰ ਉਜਾਗਰ ਕਰਨ ਦੇ ਮੰਤਵ ਨਾਲ ਸੁੰਦਰ ਦਸਤਾਰ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿਚ 100 ਤੋਂ ਵੱਧ ਸਿੱਖ ਨੌਜੁਆਨਾਂ ਨੇ ਹਿੱਸਾ ਲਿਆ ਅਤੇ ਸਿੱਖੀ ਦੀ ਸ਼ਾਨ ਦਸਤਾਰ ਨੂੰ ਖੂਬਸੂਰਤ ਢੰਗ ਨਾਲ ਸਜਾ ਕੇ ਸਿੱਖ ਵਿਰਾਸਤ ਦੀ ਸ਼ਾਨ ਦਾ ਪ੍ਰਗਟਾਵਾ ਕੀਤਾ। ਇਸ ਤੋਂ ਇਲਾਵਾ ਬੱਚਿਆਂ ਦੇ ਕਵੀਸ਼ਰੀ ਮੁਕਾਬਲੇ ਵੀ ਖਿੱਚ ਦਾ ਕੇਂਦਰ ਬਣੇ। ਇਨ੍ਹਾਂ ਮੁਕਾਬਲਿਆਂ ਵਿਚ ਭਾਗ ਲੈਣ ਵਾਲੇ ਅਤੇ ਅਵੱਲ ਆਉਣ ਵਾਲੇ ਬੱਚਿਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਦੱਸਣਯੋਗ ਹੈ ਕਿ ਦਸਤਾਰ ਅਤੇ ਕਵੀਸ਼ਰੀ ਮੁਕਾਬਲਿਆਂ ਲਈ ਨੌਜੁਆਨ ਆਗੂ ਸ. ਨਵਇੰਦਰਪ੍ਰੀਤ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਵੱਖ-ਵੱਖ ਸਕੂਲਾਂ ਤੱਕ ਪਹੁੰਚ ਕਰਕੇ ਨੌਜੁਆਨਾਂ ਨੂੰ ਉਤਸ਼ਾਹਿਤ ਕੀਤਾ ਗਿਆ ਸੀ। ਸਮਾਗਮਾਂ ਸਮੇਂ ਸਟੇਜ ਦੀ ਸੇਵਾ ਸ. ਜਸਬੀਰ ਸਿੰਘ ਜੱਸੀ ਨੇ ਨਿਭਾਈ।

ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਮੈਂਬਰ ਸ. ਪਰਮਜੀਤ ਸਿੰਘ ਖ਼ਾਲਸਾ, ਬਾਬਾ ਦਲਵਾਰ ਸਿੰਘ ਛੀਨੀਵਾਲ, ਜਥੇਦਾਰ ਉਦੈ ਸਿੰਘ ਲੌਂਗੋਵਾਲ, ਸ. ਨਵਇੰਦਰਪ੍ਰੀਤ ਸਿੰਘ ਲੌਂਗੋਵਾਲ ਮੈਂਬਰ ਕੋਰ ਕਮੇਟੀ, ਬਾਬਾ ਬਲਵਿੰਦਰ ਸਿੰਘ ਕੈਂਬੋਵਾਲ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਡਾ. ਜਤਿੰਦਰ ਸਿੰਘ ਸਿੱਧੂ ਸਾਬਕਾ ਡਾਇਰੈਕਟਰ, ਪ੍ਰਿੰਸੀਪਲ ਡਾ. ਕੁਲਦੀਪ ਸਿੰਘ ਬੱਲ, ਸ. ਪਰਮਜੀਤ ਸਿੰਘ, ਸ. ਬਿੰਦਰ ਸਿੰਘ ਠੇਕੇਦਾਰ, ਸ. ਜਸਵਿੰਦਰ ਸਿੰਘ ਲਿਬੜਾ, ਸ. ਸੁਰਜੀਤ ਸਿੰਘ ਠੀਕਰੀਵਾਲਾ, ਭਾਈ ਸੱਜਣ ਸਿੰਘ ਅਮਰੀਕਾ, ਮੈਨੇਜਰ ਸ. ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।



## ਮੱਧ ਪ੍ਰਦੇਸ਼ 'ਚ ਪ੍ਰਸ਼ਾਸਨ ਵੱਲੋਂ ਉਜਾੜੇ ਸਿੱਖਾਂ ਨੂੰ ਸ਼੍ਰੋਮਣੀ ਕਮੇਟੀ ਨੇ ਦਿੱਤੀ ਸਹਾਇਤਾ ਰਾਸ਼ੀ



ਅੰਮ੍ਰਿਤਸਰ- ਮੱਧ ਪ੍ਰਦੇਸ਼ ਅੰਦਰ ਪ੍ਰਸ਼ਾਸਨ ਵੱਲੋਂ ਘਰ ਢਾਹ ਕੇ ਉਜਾੜੇ ਗਏ ਸਿੱਖਾਂ ਦੀ ਮੱਦਦ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 50-50 ਹਜ਼ਾਰ ਰੁਪਏ ਦੀ ਸਹਾਇਤਾ ਰਾਸ਼ੀ ਦੇ ਚੈੱਕ ਦਿੱਤੇ ਗਏ ਹਨ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਐਲਾਨ ਕੀਤੀ ਸਹਾਇਤਾ ਰਾਸ਼ੀ ਦੇ ਇਹ ਚੈੱਕ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਮੱਧ ਪ੍ਰਦੇਸ਼ ਵਿਖੇ ਜਾ ਕੇ ਸਬੰਧਤਾਂ ਨੂੰ ਸੌਂਪੇ। ਉਨ੍ਹਾਂ ਨਾਲ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਤੇਜਿੰਦਰ ਸਿੰਘ ਪੱਡਾ ਵੀ ਮੌਜੂਦ ਸਨ। ਦੱਸਣਯੋਗ ਹੈ ਕਿ ਮੱਧ ਪ੍ਰਦੇਸ਼ 'ਚ ਜ਼ਿਲ੍ਹਾ ਸ਼ਿਓਪੁਰ ਦੇ ਕਰਹਲ ਇਲਾਕੇ ਅੰਦਰ ਸਥਾਨਕ ਪ੍ਰਸ਼ਾਸਨ ਵੱਲੋਂ ਸਿੱਖਾਂ ਨੂੰ ਬੇ-ਘਰ ਕਰਨ 'ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਤੁਰੰਤ ਹਰਕਤ ਵਿਚ ਆਉਂਦਿਆਂ ਤਿੰਨ ਮੈਂਬਰੀ ਵਫ਼ਦ ਪੀੜ੍ਹਤਾਂ ਦੀ ਮੱਦਦ ਲਈ ਭੇਜਿਆ ਸੀ। ਇਸ ਵਫ਼ਦ ਵੱਲੋਂ ਮੱਧ ਪ੍ਰਦੇਸ਼ ਵਿਖੇ ਜਾ ਕੇ ਜਿਥੇ ਪੀੜਤ ਸਿੱਖਾਂ ਨਾਲ ਗੱਲਬਾਤ ਕੀਤੀ ਗਈ, ਉਥੇ ਹੀ ਹਰ ਸੰਭਵ ਮੱਦਦ ਦਾ ਭਰੋਸਾ ਵੀ ਦਿੱਤਾ ਗਿਆ ਸੀ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਵੱਲੋਂ ਪੀੜਤਾਂ ਲਈ 50-50 ਹਜ਼ਾਰ ਦੀ ਸਹਾਇਤਾ ਐਲਾਨ ਕੀਤੀ ਗਈ, ਜਿਸ ਦੇ ਚੈੱਕ ਭਾਈ ਗਰੇਵਾਲ ਵੱਲੋਂ ਸਬੰਧਤਾਂ ਨੂੰ ਸੌਂਪੇ ਗਏ ਹਨ। ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਦੱਸਿਆ ਕਿ ਮੱਧ ਪ੍ਰਦੇਸ਼ ਦੇ ਕਰਹਲ ਇਲਾਕੇ ਅੰਦਰ ਚਿਰਾਂ ਤੋਂ ਵੱਸਦੇ ਸਿੱਖਾਂ ਨੂੰ ਉਜਾੜਨ ਕਾਰਨ ਅਜੇ ਵੀ ਉਨ੍ਹਾਂ ਅੰਦਰ ਭਾਰੀ ਰੋਸ ਦੀ ਭਾਵਨਾ ਪਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜਿਥੇ ਸਿੱਖ ਸ਼੍ਰੋਮਣੀ ਕਮੇਟੀ ਵੱਲੋਂ ਲਈ ਗਈ ਸਾਰ 'ਤੇ ਧੰਨਵਾਦ ਕਰ ਰਹੇ ਹਨ, ਉਥੇ ਹੀ ਸਰਕਾਰ ਪ੍ਰਤੀ ਉਨ੍ਹਾਂ ਅੰਦਰ ਭਾਰੀ ਗੁੱਸਾ ਹੈ। ਭਾਈ ਗਰੇਵਾਲ ਨੇ ਦੱਸਿਆ ਕਿ ਜਿਨ੍ਹਾਂ ਪੀੜਤ 12 ਸਿੱਖ ਪਰਿਵਾਰਾਂ ਨੂੰ ਸਹਾਇਤਾ ਰਾਸ਼ੀ ਦੇ ਚੈੱਕ ਦਿੱਤੇ ਗਏ ਹਨ, ਉਨ੍ਹਾਂ ਵਿਚ ਸ. ਗੁਰਮੀਤ ਸਿੰਘ, ਸ. ਰਮਨਦੀਪ ਸਿੰਘ, ਸ. ਸੰਤੋਖ ਸਿੰਘ, ਸ. ਗੁਲਜ਼ਾਰ ਸਿੰਘ, ਸ. ਸੁਰਿੰਦਰ ਸਿੰਘ, ਸ. ਸੋਮਨ ਸਿੰਘ, ਸ. ਸ਼ਿਵਕੁਮਾਰ ਸਿੰਘ, ਸ. ਵੀਰ ਸਿੰਘ, ਸ. ਨਿਰਭੈ ਸਿੰਘ, ਸ. ਸੁਖਚੈਨ ਸਿੰਘ, ਸ. ਤਰਵਿੰਦਰ ਸਿੰਘ, ਸ. ਹੰਸਰਾਜ ਸਿੰਘ ਸ਼ਾਮਲ ਹਨ। ਭਾਈ ਗਰੇਵਾਲ ਅਨੁਸਾਰ ਪੀੜਤ ਸਿੱਖਾਂ ਨੂੰ ਚੈੱਕ ਦੇਣ ਸਮੇਂ ਬਾਬਾ ਘੋਲਾ ਸਿੰਘ ਕਾਰਸੇਵਾ ਸਰਹਾਲੀ ਵਾਲੇ, ਸ. ਸੁਰਿੰਦਰ ਸਿੰਘ ਬਿੱਟੂ, ਸ. ਕੇਸਰ ਸਿੰਘ, ਸ. ਬਿੱਕਰ ਸਿੰਘ, ਸ. ਨਰਿੰਦਰ ਸਿੰਘ ਬਾਂਸਖੇੜੀ, ਸ. ਮਹਿੰਦਰ ਸਿੰਘ, ਸ. ਕੁਲਵਿੰਤ ਸਿੰਘ ਆਦਿ ਮੌਜੂਦ ਸਨ।

## ਸ਼੍ਰੋਮਣੀ ਕਮੇਟੀ ਨੇ ਐਮਾਜੋਨ ਆਨਲਾਈਨ ਕੰਪਨੀ ਨੂੰ ਭੇਜਿਆ ਕਾਨੂੰਨੀ ਨੋਟਿਸ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਐਮਾਜੋਨ ਆਨਲਾਈਨ ਕੰਪਨੀ ਵੱਲੋਂ ਟਾਇਲਟ ਸੀਟ ਕਵਰ ਅਤੇ ਪਾਏਦਾਨ ਉੱਪਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਸਵੀਰ ਛਾਪਣ ਦਾ ਸਖ਼ਤ ਨੋਟਿਸ ਲਿਆ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾ ਅਨੁਸਾਰ ਐਮਾਜੋਨ ਨੂੰ ਕਾਨੂੰਨੀ ਨੋਟਿਸ ਭੇਜਿਆ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਲੌਂਗੋਵਾਲ ਨੇ ਕਿਹਾ ਕਿ ਐਮਾਜੋਨ ਦੀ ਇਸ ਘਟੀਆ ਹਰਕਤ 'ਤੇ ਕੰਪਨੀ ਵਿਰੁੱਧ ਕਾਰਵਾਈ ਕੀਤੀ ਜਾਵੇਗੀ। ਇਸ ਸਬੰਧ ਵਿਚ ਪੁਲਿਸ ਸ਼ਿਕਾਇਤ ਵੀ ਦਰਜ਼ ਕਰਵਾਈ ਜਾ ਰਹੀ ਹੈ। ਭਾਈ ਲੌਂਗੋਵਾਲ ਨੇ ਆਖਿਆ ਕਿ ਐਮਾਜੋਨ ਵੱਲੋਂ ਉਤਪਾਦ ਵੇਚਣ ਲਈ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਖਿਲਵਾੜ ਕੀਤਾ ਗਿਆ ਹੈ। ਇਸ ਨਾਲ ਸਿੱਖਾਂ ਅੰਦਰ ਰੋਸ ਦੀ ਲਹਿਰ ਪੈਦਾ ਹੋਈ ਹੈ। ਇਸ ਤੋਂ ਪਹਿਲਾਂ ਵੀ ਇਸੇ ਕੰਪਨੀ ਵੱਲੋਂ ਅਜਿਹਾ ਹੀ ਕੀਤਾ ਗਿਆ ਸੀ, ਜਦਕਿ ਸ਼੍ਰੋਮਣੀ ਕਮੇਟੀ ਦੀ ਕਾਰਵਾਈ ਮਗਰੋਂ ਇਸ ਵੱਲੋਂ ਮੁਆਫ਼ੀ ਮੰਗੀ ਗਈ ਸੀ। ਉਨ੍ਹਾਂ ਕਿਹਾ ਕਿ ਜਾਣਬੁਝ ਕੇ ਵਾਰ-ਵਾਰ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਭੜਕਾਈਆਂ ਜਾ ਰਹੀਆਂ ਹਨ। ਭਾਈ ਲੌਂਗੋਵਾਲ ਨੇ ਸੰਗਤਾਂ ਨੂੰ ਸੁਚੇਤ ਕੀਤਾ ਕਿ ਅਜਿਹੀਆਂ ਕੰਪਨੀਆਂ ਦਾ ਸਖ਼ਤ ਵਿਰੋਧ ਕੀਤਾ ਜਾਵੇ ਅਤੇ ਕਿਸੇ ਵੀ ਅਜਿਹੇ ਉਤਪਾਦ ਦੀ ਖਰੀਦ ਨਾ ਕੀਤੀ ਜਾਵੇ।

# ਅਮਰੀਕਾ 'ਚ ਮਰਦਮਸ਼ੁਮਾਰੀ ਸਮੇਂ ਸਿੱਖਾਂ ਨੂੰ ਵੱਖਰੀ ਕੌਮ ਵਜੋਂ ਮਾਨਤਾ ਦੇਣ ਦਾ ਭਾਈ ਲੌਂਗੋਵਾਲ ਵੱਲੋਂ ਸਵਾਗਤ

ਅੰਮ੍ਰਿਤਸਰ- ਅਮਰੀਕਾ ਅੰਦਰ ਇਸ ਸਾਲ ਹੋਣ ਜਾ ਰਹੀ ਮਰਦਮਸ਼ੁਮਾਰੀ ਦੌਰਾਨ ਸਿੱਖਾਂ ਨੂੰ ਵੱਖਰੀ ਕੌਮ ਵਜੋਂ ਮਾਨਤਾ ਦੇਣ ਨਾਲ ਪੂਰੇ ਵਿਸ਼ਵ ਅੰਦਰ ਸਿੱਖ ਪਛਾਣ ਨੂੰ ਹੋਰ ਬਲ ਮਿਲੇਗਾ। ਅਮਰੀਕਾ ਸਰਕਾਰ ਦਾ ਇਹ ਫੈਸਲਾ ਬੇਹੱਦ ਸਲਾਹੁਣਯੋਗ ਹੈ, ਜਿਸ ਨਾਲ ਸਿੱਖ ਜਗਤ ਅੰਦਰ ਖੁਸ਼ੀ ਦੀ ਲਹਿਰ ਹੈ। ਇਹ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਜਾਰੀ ਇਕ ਪ੍ਰੈੱਸ ਬਿਆਨ ਰਾਹੀਂ ਕੀਤਾ ਹੈ। ਅਮਰੀਕਾ 'ਚ ਸਿੱਖਾਂ ਲਈ ਇਸ ਖੁਸ਼ਖਬਰੀ 'ਤੇ ਭਾਈ ਲੌਂਗੋਵਾਲ ਨੇ ਸਮੁੱਚੇ ਸਿੱਖ ਜਗਤ ਨੂੰ ਵਧਾਈ ਦਿੱਤੀ ਹੈ। ਉਨ੍ਹਾਂ ਅਮਰੀਕਾ ਸਰਕਾਰ ਦਾ ਧੰਨਵਾਦ ਕਰਦਿਆਂ ਉਥੋਂ ਦੇ ਸਿੱਖ ਆਗੂਆਂ ਦੀਆਂ ਕੋਸ਼ਿਸ਼ਾਂ ਦੀ ਵੀ ਸ਼ਲਾਘਾ ਕੀਤੀ। ਭਾਈ ਲੌਂਗੋਵਾਲ ਨੇ ਕਿਹਾ ਕਿ ਗੁਰੂ ਸਾਹਿਬਾਨ ਦੇ ਫਲਸਫੇ ਅਤੇ ਸਿੱਖ ਵਿਰਾਸਤ ਦੀ ਅਮੀਰੀ ਸਦਕਾ ਸਿੱਖਾਂ ਨੇ ਪੂਰੀ ਦੁਨੀਆਂ ਅੰਦਰ ਬੇਸ਼ੁਮਾਰ ਪ੍ਰਾਪਤੀਆਂ ਕੀਤੀਆਂ ਹਨ। ਅੱਜ ਦੁਨੀਆਂ ਦੇ ਵਿਕਸਤ ਦੇਸ਼ਾਂ ਅੰਦਰ ਸਿੱਖ ਸਰਕਾਰਾਂ ਦਾ ਹਿੱਸਾ ਬਣੇ ਹੋਏ ਹਨ। ਅਮਰੀਕਾ ਅੰਦਰ ਸਿੱਖਾਂ ਨੂੰ ਵੱਖਰੀ ਕੌਮ ਵਜੋਂ ਮਾਨਤਾ ਸਿੱਖ ਪ੍ਰਾਪਤੀਆਂ ਦੀ ਸੂਚੀ ਵਿਚ ਇਕ ਹੋਰ ਵਾਧਾ ਹੈ। ਉਨ੍ਹਾਂ ਕਿਹਾ ਕਿ ਅਮਰੀਕਾ ਦੇ ਇਸ ਫੈਸਲੇ ਤੋਂ ਹੋਰਨਾਂ ਦੇਸ਼ਾਂ ਨੂੰ ਵੀ ਸੇਧ ਲੈਣੀ ਚਾਹੀਦੀ ਹੈ ਅਤੇ ਪੂਰੇ ਵਿਸ਼ਵ ਦੇ ਮੁਲਕਾਂ ਅੰਦਰ ਇਹ ਲਾਗੂ ਹੋਣਾ ਚਾਹੀਦਾ ਹੈ। ਇਸੇ ਦੌਰਾਨ ਭਾਈ ਲੌਂਗੋਵਾਲ ਨੇ ਸ. ਤਰਨਜੀਤ ਸਿੰਘ ਸੰਧੂ ਨੂੰ ਅਮਰੀਕਾ ਦੇ ਰਾਜਦੂਤ ਨਿਯੁਕਤ ਹੋਣ 'ਤੇ ਵਧਾਈ ਵੀ ਦਿੱਤੀ ਹੈ।



ਧਰਮ ਪ੍ਰਚਾਰ ਕਮੇਟੀ ਵੱਲੋਂ ਪਿੰਡ ਬੱਲ ਖੁਰਦ ਸ੍ਰੀ ਅੰਮ੍ਰਿਤਸਰ ਵਿਖੇ ਪ੍ਰਚਾਰਕ ਭਾਈ ਇੰਦਰਜੀਤ ਸਿੰਘ ਨੇ ਬੱਚਿਆਂ ਨੂੰ ਸਿੱਖ ਇਤਿਹਾਸ ਤੇ ਰਹਿਤ ਮਰਿਯਾਦਾ ਬਾਰੇ ਜਾਣਕਾਰੀ ਦਿੱਤੀ।

# ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ




ਅੰਮ੍ਰਿਤਸਰ- ਸਿੱਖ ਕੌਮ ਦੇ ਮਹਾਨ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਵਿਖੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਬੰਧ ਵਿਚ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸੇ ਦੌਰਾਨ ਬੀਤੇ ਤਿੰਨ ਦਿਨਾਂ ਤੋਂ ਸਜਾਏ ਗਏ ਗੁਰਮਤਿ ਸਮਾਗਮਾਂ ਅੰਦਰ ਸਿੱਖ ਕੌਮ ਦੇ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਸਿੱਖ ਕੌਮ ਦੇ ਸ਼ਾਨਾਮੱਤੇ ਇਤਿਹਾਸ ਨਾਲ ਜੋੜਿਆ। ਇਨ੍ਹਾਂ ਸਮਾਗਮਾਂ ਦੌਰਾਨ ਵੱਡੀ ਗਿਣਤੀ ਵਿਚ ਸੰਗਤ ਨੇ ਹਾਜ਼ਰੀ ਭਰ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ।

ਜਨਮ ਦਿਹਾੜੇ ਸਬੰਧੀ ਸਜਾਏ ਗਏ ਗੁਰਮਤਿ ਸਮਾਗਮਾਂ ਅੰਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ, ਸਿੰਘ ਸਾਹਿਬ ਗਿਆਨੀ ਮਾਨ ਸਿੰਘ, ਪ੍ਰਸਿੱਧ ਕਥਾਵਾਚਕ ਭਾਈ ਪਿੰਦਰਪਾਲ ਸਿੰਘ, ਹਜ਼ੂਰੀ ਰਾਗੀ ਭਾਈ ਲਖਵਿੰਦਰ ਸਿੰਘ, ਭਾਈ ਗੁਰਇਕਬਾਲ ਸਿੰਘ ਬੀਬੀ ਕੌਲਾਂ ਜੀ ਭਲਾਈ ਕੇਂਦਰ, ਭਾਈ ਸੁਰਿੰਦਰ ਸਿੰਘ ਮਿੱਠਾ ਟਿਵਾਣਾ, ਬੀਬੀ ਪ੍ਰਭਜੋਤ ਕੌਰ, ਬੀਬੀ ਬਲਜਿੰਦਰ ਕੌਰ ਖਡੂਰ ਸਾਹਿਬ, ਭਾਈ ਰਵਿੰਦਰ ਸਿੰਘ, ਭਾਈ ਜਸਬੀਰ ਸਿੰਘ ਪਾਉਂਟਾ ਸਾਹਿਬ, ਭਾਈ ਸਰਬਜੀਤ ਸਿੰਘ ਪਟਨਾ ਸਾਹਿਬ, ਭਾਈ ਰਜਿੰਦਰਪਾਲ ਸਿੰਘ ਲੁਧਿਆਣਾ, ਬਾਬਾ ਦਰਸ਼ਨ ਸਿੰਘ ਗੁਮਟਾਲੇ ਵਾਲੇ ਅਤੇ ਭਾਈ ਹਰਵਿੰਦਰ ਸਿੰਘ ਲਿਟਲ, ਹੈੱਡ ਪ੍ਰਚਾਰ ਭਾਈ ਜਗਦੇਵ ਸਿੰਘ, ਪ੍ਰਚਾਰਕ ਭਾਈ ਤਰਸੇਮ ਸਿੰਘ ਤੇ ਭਾਈ ਬਲਵੰਤ ਸਿੰਘ ਐਨੋਕੋਟ ਨੇ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਦੀ ਹਾਜ਼ਰੀ ਭਰੀ। ਇਸ ਮੌਕੇ ਅੰਮ੍ਰਿਤ ਸੰਚਾਰ ਅਤੇ ਖੂਨਦਾਨ ਕੈਂਪ ਵੀ ਲਗਾਇਆ ਗਿਆ।

ਸਮਾਗਮਾਂ ਸਮੇਂ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਮੈਂਬਰ ਭਾਈ ਰਾਮ ਸਿੰਘ, ਭਾਈ ਅਜਾਇਬ ਸਿੰਘ ਅਭਿਆਸੀ, ਸ. ਬਾਵਾ ਸਿੰਘ, ਸ. ਹਰਜਾਪ ਸਿੰਘ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਬਾਬਾ ਸੁਖਵਿੰਦਰ ਸਿੰਘ, ਮੈਨੇਜਰ ਸ. ਹਰਪ੍ਰੀਤ ਸਿੰਘ, ਸ. ਬਘੇਲ ਸਿੰਘ, ਸ. ਤੇਜਿੰਦਰ ਸਿੰਘ, ਸ. ਜਗਜੀਤ ਸਿੰਘ ਖ਼ਾਲਸਾ, ਸ. ਮਲਕੀਤ ਸਿੰਘ ਬਹਿੜਵਾਲ ਸੁਪ੍ਰਿੰਟੈਂਡੈਂਟ ਆਦਿ ਮੌਜੂਦ ਸਨ।

# ਅਮਰੀਕਾ 'ਚ ਖ਼ਾਲਸਾ ਯੂਨੀਵਰਸਿਟੀ ਰਾਹੀਂ ਹੋਵੇਗਾ ਸਿੱਖ ਵਿਚਾਰਧਾਰਾ ਦਾ ਪ੍ਰਚਾਰ

## ਯੂਨੀਵਰਸਿਟੀ ਲਈ 125 ਏਕੜ ਜ਼ਮੀਨ ਦੇਣ ਵਾਲੇ ਸ. ਮਨਜੀਤ ਸਿੰਘ ਧਾਲੀਵਾਲ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨਿਤ



ਅੰਮ੍ਰਿਤਸਰ- ਅਮਰੀਕਾ ਦੇ ਸ਼ਹਿਰ ਬੈਲਿੰਗਹੈਮ 'ਚ ਖ਼ਾਲਸਾ ਯੂਨੀਵਰਸਿਟੀ ਸਥਾਪਤ ਕਰਨ ਲਈ 125 ਏਕੜ ਜ਼ਮੀਨ ਦੇਣ ਵਾਲੇ ਸਿੱਖ ਸ. ਮਨਜੀਤ ਸਿੰਘ ਧਾਲੀਵਾਲ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਬਖ਼ਸ਼ਿਸ਼ ਸਿਰੋਪਾਓ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ, ਯਾਦਗਾਰੀ ਸਿੱਕੇ ਅਤੇ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ ਗਿਆ। ਉਹ ਆਪਣੀ ਭਾਰਤ ਫੇਰੀ ਦੌਰਾਨ ਆਪਣੇ ਵੱਡੇ ਭਰਾ ਸ. ਹਰਭਜਨ ਸਿੰਘ ਧਾਲੀਵਾਲ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਡਾ. ਗੁਰਨਾਮ ਸਿੰਘ ਸਮੇਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨਾਂ ਲਈ ਪੁੱਜੇ ਸਨ। ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਸ. ਧਾਲੀਵਾਲ ਨੂੰ ਸਨਮਾਨਿਤ ਕਰਨ ਸਮੇਂ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਾਜਿੰਦਰ ਸਿੰਘ ਮਹਿਤਾ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਅਤੇ ਹੋਰ ਮੌਜੂਦ ਸਨ।

ਇਸ ਮੌਕੇ ਭਾਈ ਰਾਜਿੰਦਰ ਸਿੰਘ ਮਹਿਤਾ ਨੇ ਅਮਰੀਕਾ ਦੇ ਸਿੱਖਾਂ ਵੱਲੋਂ ਖ਼ਾਲਸਾ ਯੂਨੀਵਰਸਿਟੀ ਸਥਾਪਤ ਕਰਨ ਦੀ ਪਹਿਲ ਨੂੰ ਇਤਿਹਾਸਕ ਤੇ ਸ਼ਲਾਘਾਯੋਗ ਕਦਮ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਅਮਰੀਕਾ ਵਾਸੀ ਨਵੀਂ ਪੀੜ੍ਹੀ ਨੂੰ ਗੁਰਬਾਣੀ, ਗੁਰੂ ਨਾਨਕ ਸਾਹਿਬ ਦੀ ਵਿਚਾਰਧਾਰਾ ਤੇ ਸਿੱਖ ਸੱਭਿਆਚਾਰ ਨਾਲ ਜੋੜਨ ਦਾ ਇਹ ਨਿੱਗਰ ਉਪਰਾਲਾ ਹੈ। ਭਾਈ ਮਹਿਤਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਅੰਤ੍ਰਿੰਗ ਕਮੇਟੀ ਨੇ ਇਸ ਯੂਨੀਵਰਸਿਟੀ ਸਬੰਧੀ ਸ਼ਲਾਘਾ ਦਾ ਮਤਾ ਵੀ ਪਾਸ ਕੀਤਾ ਸੀ। ਉਨ੍ਹਾਂ ਖ਼ਾਲਸਾ ਯੂਨੀਵਰਸਿਟੀ ਲਈ ਸ਼੍ਰੋਮਣੀ ਕਮੇਟੀ ਵੱਲੋਂ ਹਰ ਤਰ੍ਹਾਂ ਦੇ ਸਹਿਯੋਗ ਦਾ ਭਰੋਸਾ ਵੀ ਦਿੱਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਸਿੱਖ ਅੱਜ ਵਿਸ਼ਵ ਵਿਆਪੀ ਸ਼ਹਿਰੀ ਹਨ ਅਤੇ ਇਨ੍ਹਾਂ ਨੇ ਹਰ ਦੇਸ਼ ਅੰਦਰ ਗੁਰੂ ਸਾਹਿਬਾਨ ਦੀ ਵਿਚਾਰਧਾਰਾ ਨੂੰ ਪ੍ਰਸਾਰਨ ਲਈ ਵੱਡੇ ਕਾਰਜ ਕੀਤੇ ਹਨ। ਅਮਰੀਕਾ ਵਰਗੇ ਵਿਕਸਤ ਦੇਸ਼ ਵਿਚ ਸਿੱਖ ਸਰੋਕਾਰਾਂ ਨੂੰ ਉਭਾਰਨ ਲਈ ਖ਼ਾਲਸਾ ਯੂਨੀਵਰਸਿਟੀ ਦੀ ਸਥਾਪਨਾ ਬੇਹੱਦ ਅਹਿਮ ਪ੍ਰਾਪਤੀ ਹੈ। ਇਸ ਨਾਲ ਜਿਥੇ ਸਿੱਖ ਕੌਮ ਦੀ ਨਵੀਂ ਪੀੜ੍ਹੀ ਆਪਣੇ ਸੱਭਿਆਚਾਰ, ਗੁਰਬਾਣੀ ਦੀ ਵਿਚਾਰਧਾਰਾ ਅਤੇ ਇਤਿਹਾਸ ਨਾਲ ਜੁੜੇਗੀ, ਉਥੇ ਹੀ ਦੂਸਰੇ ਧਰਮਾਂ ਦੇ ਬੱਚਿਆਂ ਨੂੰ ਵੀ ਸਿੱਖਾਂ ਦੀ ਵਿਲੱਖਣ ਹੋਂਦ ਹਸਤੀ ਤੇ ਪਹਿਚਾਣ ਦੀ ਜਾਣਕਾਰੀ ਪ੍ਰਾਪਤ ਹੋਵੇਗੀ ਅਤੇ ਉਨ੍ਹਾਂ ਅੰਦਰ ਸਿੱਖੀ ਪ੍ਰਤੀ ਚੇਤੰਨਤਾ ਪੈਦਾ ਹੋਵੇਗੀ। ਡਾ. ਰੂਪ ਸਿੰਘ ਨੇ ਆਖਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਆਦੇਸ਼ਾਂ ਅਨੁਸਾਰ ਯੂਨੀਵਰਸਿਟੀ ਲਈ ਸ਼੍ਰੋਮਣੀ ਕਮੇਟੀ ਦੀਆਂ ਪ੍ਰਕਾਸ਼ਨਾਵਾਂ ਦਾ ਸੈੱਟ ਵੀ ਭੇਜਿਆ ਜਾਵੇਗਾ।

ਖ਼ਾਲਸਾ ਯੂਨੀਵਰਸਿਟੀ ਦੀ ਸਥਾਪਨਾ ਸਬੰਧੀ ਸ. ਮਨਜੀਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਇਹ ਅਮਰੀਕਾ ਅੰਦਰ ਪਹਿਲੇ ਵਿਸ਼ਵ ਵਿਦਿਆਲੇ ਵਜੋਂ ਸਥਾਪਤ ਹੋਈ ਹੈ। ਭਾਵੇਂ ਕਿ ਇਸ ਤੋਂ ਪਹਿਲਾਂ ਵੱਖ-ਵੱਖ ਦੇਸ਼ਾਂ ਅੰਦਰ ਸਿੱਖ ਸੰਸਥਾਵਾਂ ਵੱਲੋਂ ਕਈ ਸਕੂਲ ਚਲਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਅਮਰੀਕਾ 'ਚ ਖ਼ਾਲਸਾ ਯੂਨੀਵਰਸਿਟੀ ਦਾ ਮੰਤਵ ਗੁਰੂ ਸਾਹਿਬ ਦੇ ਫਲਸਫੇ ਅਨੁਸਾਰ ਮਾਨਵੀ ਬਰਾਬਰਤਾ ਦੇ ਸੰਦੇਸ਼ ਨੂੰ ਪ੍ਰਚਾਰਨਾ ਹੈ। ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਲਈ ਅਮਰੀਕਾ ਦੇ ਵਾਸ਼ਿੰਗਟਨ ਸੂਬੇ ਤੋਂ ਰਜਿਸਟ੍ਰੇਸ਼ਨ ਪ੍ਰਾਪਤ ਕੀਤੀ ਜਾ ਚੁੱਕੀ ਹੈ। ਮੌਜੂਦਾ ਸਮੇਂ ਸਕੂਲ ਤੋਂ ਇਲਾਵਾ ਆਨਲਾਈਨ ਕੋਰਸ ਆਰੰਭ ਕੀਤੇ ਜਾ ਰਹੇ ਹਨ ਅਤੇ ਅਗਲੇ ਸਮਿਆਂ ਦੌਰਾਨ ਵੱਡੇ ਅਕਾਦਮਿਕ ਕੋਰਸ ਚਲਾਏ ਜਾਣਗੇ। ਇਨ੍ਹਾਂ ਕੋਰਸਾਂ ਵਿਚ ਮੈਡੀਕਲ, ਵਕਾਲਤ, ਅਕਾਊਂਟਸ ਆਦਿ ਵਿਸ਼ੇ ਵਿਸ਼ੇਸ਼ ਹੋਣਗੇ। ਉਨ੍ਹਾਂ ਕਿਹਾ ਕਿ ਬੇਸ਼ੱਕ ਯੂਨੀਵਰਸਿਟੀ ਲਈ ਵੱਡੀ ਵਿੱਤੀ ਲੋੜ ਨੂੰ ਨਕਾਰਿਆ ਨਹੀਂ ਜਾ ਸਕਦਾ, ਪਰੰਤੂ ਗੁਰੂ ਸਾਹਿਬ ਦੀ ਸੋਚ ਅਨੁਸਾਰ ਆਰੰਭੇ ਇਸ ਕਾਰਜ ਨੂੰ ਸੰਪੂਰਨ ਕਰਨ ਵਿਚ ਸਿੱਖ ਸੰਗਤਾਂ ਕਸਰ ਨਹੀਂ ਛੱਡਣਗੀਆਂ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਦਿੱਤੇ ਜਾ ਰਹੇ ਸਹਿਯੋਗ ਲਈ ਧੰਨਵਾਦ ਵੀ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਸ਼ਾਹਬਾਜ਼ ਸਿੰਘ ਇੰਚਾਰਜ, ਸ. ਜਸਬੀਰ ਸਿੰਘ ਪਟਿਆਲਾ ਸਮੇਤ ਹੋਰ ਵੀ ਹਾਜ਼ਰ ਸਨ।



ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਉਦੋਵਾਲੀ ਖੁਰਦ ਵਿਖੇ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਧਾਰਮਿਕ ਪ੍ਰੀਖਿਆ ਦੇਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਦੀ ਵੱਲੋਂ ਮੈਡਲ ਅਤੇ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ ਗਿਆ।

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ



ਅੰਮ੍ਰਿਤਸਰ- ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁਲਾਜ਼ਮਾਂ ਵੱਲੋਂ ਅਕਾਲੀ ਕਲੋਨੀ, ਸੁਲਤਾਨਵਿੰਡ ਰੋਡ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਦੱਸਣਯੋਗ ਹੈ ਕਿ ਕਲੋਨੀ ਨਿਵਾਸੀਆਂ ਵੱਲੋਂ ਇਹ ਸਮਾਗਮ ਹਰ ਸਾਲ ਕਰਵਾਇਆ ਜਾਂਦਾ ਹੈ। ਇਸ ਵਾਰ ਅੱਠਵੇਂ ਸਾਲਾਨਾ ਗੁਰਮਤਿ ਸਮਾਗਮ ਦੌਰਾਨ ਕਲੋਨੀ ਦੇ ਬੱਚਿਆਂ ਨੇ ਧਾਰਮਿਕ ਕਵਿਤਾ, ਕਵੀਸ਼ਰੀ, ਭਾਸ਼ਣ ਅਤੇ ਸ਼ਬਦ ਗਾਇਣ ਮੁਕਾਬਲਿਆਂ ਵਿਚ ਹਿੱਸਾ ਲੈਂਦਿਆਂ ਸਿੱਖ ਇਤਿਹਾਸ ਦੀ ਪੇਸ਼ਕਾਰੀ ਕੀਤੀ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਦੇ ਭੋਗ ਪਾਏ ਗਏ ਅਤੇ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਜੀਤ ਸਿੰਘ ਅਤੇ ਭਾਈ ਸੁਖਵਿੰਦਰ ਸਿੰਘ ਦੇ ਜਥਿਆਂ ਨੇ ਗੁਰਬਾਣੀ ਕੀਰਤਨ ਸਰਵਣ ਕਰਵਾਇਆ।

ਸਮਾਗਮ ਦੌਰਾਨ ਕਥਾਵਾਚਕ ਭਾਈ ਸੁਖਰਾਜ ਸਿੰਘ ਨੇ ਸੰਗਤ ਨੂੰ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਇਤਿਹਾਸ ਅਤੇ ਉਨ੍ਹਾਂ ਦੇ ਉਪਦੇਸ਼ਾਂ ਨਾਲ ਜੁੜਨ ਦੀ ਪ੍ਰੇਰਨਾ ਕੀਤੀ। ਉਨ੍ਹਾਂ ਕਿਹਾ ਕਿ ਕਲੋਨੀ ਨਿਵਾਸੀਆਂ ਵੱਲੋਂ ਬੱਚਿਆਂ ਨੂੰ ਗੁਰਸਿੱਖੀ ਨਾਲ ਜੋੜਨਾ ਅਤੇ ਗੁਰਮਤਿ ਗਿਆਨ ਦ੍ਰਿੜ ਕਰਵਾਉਣਾ ਇਕ ਵਧੀਆ ਉਪਰਾਲਾ ਹੈ ਜਿਸ ਨਾਲ ਬੱਚਿਆਂ ਅੰਦਰ ਧਰਮ ਦੇ ਸੁਨਹਿਰੀ ਇਤਿਹਾਸ ਅਤੇ ਸਿਧਾਂਤਾਂ ਦਾ ਸੰਚਾਰ ਹੋਵੇਗਾ। ਇਸ ਮੌਕੇ ਧਾਰਮਿਕ ਮੁਕਾਬਲਿਆਂ ਵਿੱਚੋਂ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ 'ਤੇ ਆਏ ਬੱਚਿਆਂ ਦੀ ਹੌਸਲਾ-ਅਫਜਾਈ ਵਜੋਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ।

ਸਮਾਗਮ ਸਮੇਂ ਸ਼੍ਰੋਮਣੀ ਕਮੇਟੀ ਦੇ ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਇੰਚਾਰਜ ਸ. ਗੁਰਮੀਤ ਸਿੰਘ ਮੁਕਤਸਰੀ, ਸ. ਜਸਬੀਰ ਸਿੰਘ, ਸ. ਪਲਵਿੰਦਰ ਸਿੰਘ ਕਠਿਆਲਾ, ਸ. ਸਤਨਾਮ ਸਿੰਘ ਹਬੀਬਵਾਲ, ਸ. ਸੁਖਜੀਤ ਸਿੰਘ ਧੂਰੀ, ਸ. ਕਰਮਜੀਤ ਸਿੰਘ, ਬੀਬੀ ਪਰਮਜੀਤ ਕੌਰ ਨਾਭਾ, ਬੀਬੀ ਰਣਜੀਤ ਕੌਰ ਪੰਨਵਾ, ਬੀਬੀ ਹਰਪਿੰਦਰ ਕੌਰ, ਬੀਬੀ ਸਿਮਰਤਜੀਤ ਕੌਰ ਖਾਲਸਾ ਸਮੇਤ ਕਲੋਨੀ ਦੀਆਂ ਸੰਗਤਾਂ ਮੌਜੂਦ ਸਨ।



ਪਿੰਡ ਠੀਕਰੀਵਾਲਾ ਜ਼ਿਲ੍ਹਾ ਬਰਨਾਲਾ ਵਿਖੇ 21 ਜਨਵਰੀ 2020 ਨੂੰ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ ਜਿਸ ਵਿਚ ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਤੋਂ ਪੰਜ ਪਿਆਰੇ ਸਾਹਿਬਾਨ ਨੇ ਪਹੁੰਚ ਕੇ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ। ਇਸ ਮੌਕੇ 66 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ ਜਿਨ੍ਹਾਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਕਕਾਰ ਭੇਟਾ ਰਹਿਤ ਦਿੱਤੇ ਗਏ।

ਮੁੱਖ ਸੰਪਾਦਕ:
ਮਹਿੰਦਰ ਸਿੰਘ ਆਹਲੀ
ਸਹਾਇਕ:
ਜਗਤਾਰ ਸਿੰਘ ਖੋਦੇਬੇਟ
ਪ੍ਰਕਾਸ਼ਕ:
ਸਕੱਤਰ, ਧਰਮ ਪ੍ਰਚਾਰ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।
ਛਾਪਕ:
ਗੋਲਡਨ ਆਫਸੈੱਟ ਪ੍ਰੈਸ,
ਗੁਰਦੁਆਰਾ ਰਾਮਸਰ ਸਾਹਿਬ,
ਸ੍ਰੀ ਅੰਮ੍ਰਿਤਸਰ ਸਾਹਿਬ।

# ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸਜਾਇਆ ਨਗਰ ਕੀਰਤਨ



ਅੰਮ੍ਰਿਤਸਰ- ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ, ਜਿਸ ਦੀ ਆਰੰਭਤਾ ਅਰਦਾਸ ਨਾਲ ਹੋਈ। ਇਸ ਮੌਕੇ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਅਤੇ ਨਗਾਰਚੀ ਸਿੰਘਾਂ ਨੂੰ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਹੈੱਡ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਸਿਰੋਪਾਓ ਦੇ ਕੇ ਨਿਵਾਜਿਆ। ਆਰੰਭਤਾ ਸਮੇਂ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸੁਨਿਹਰੀ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ ਅਤੇ ਨਗਰ ਕੀਰਤਨ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਤਾਬਿਆ ਬੈਠ ਚੌਰ ਸਾਹਿਬ ਦੀ ਸੇਵਾ ਵੀ ਨਿਭਾਈ। ਵੱਖ-ਵੱਖ ਧਾਰਮਿਕ ਸਭਾ-ਸੁਸਾਇਟੀਆਂ ਅਤੇ ਕਮੇਟੀਆਂ ਦੇ ਨੁਮਾਇੰਦੇ ਵੀ ਵੱਡੀ ਗਿਣਤੀ ਵਿਚ ਮੌਜੂਦ ਸਨ। ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ, ਗਤਕਾ ਤੇ ਬੈਂਡ ਪਾਰਟੀਆਂ ਨੇ ਵੀ ਭਰਵੀਂ ਸ਼ਮੂਲੀਅਤ ਕੀਤੀ। ਇਸ ਦੌਰਾਨ ਸੰਗਤਾਂ ਨੇ ਵੱਖ-ਵੱਖ ਥਾਵਾਂ ਤੇ ਚਾਹ-ਪਾਣੀ ਅਤੇ ਫਰੂਟ ਦੇ ਲੰਗਰ ਲਗਾ ਕੇ ਸੇਵਾ ਕੀਤੀ। ਨਗਰ ਕੀਰਤਨ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋ ਕੇ ਚੌਕ ਘੰਟਾ ਘਰ, ਜਲ੍ਹਿਆਂ ਵਾਲਾ ਬਾਗ, ਲੱਕੜ ਮੰਡੀ, ਸੁਲਤਾਨਵਿੰਡ ਗੇਟ, ਪਾਣੀ ਵਾਲੀ ਟੈਂਕੀ, ਸਵਰਨ ਹਾਊਸ, ਗੋਲਡਨ ਕਲਾਥ ਮਾਰਕੀਟ, ਸੁਲਤਾਨਵਿੰਡ ਰੋਡ, ਤੇਜ ਨਗਰ ਚੌਕ, ਬਜ਼ਾਰ ਸ਼ਹੀਦ ਊਧਮ ਸਿੰਘ ਨਗਰ, ਕੋਟ ਮਾਹਣਾ ਸਿੰਘ ਤੋਂ ਤਰਨ ਤਾਰਨ ਰੋਡ ਰਾਹੀਂ ਹੁੰਦਾ ਹੋਇਆ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਚਾਟੀਵਿੰਡ ਗੇਟ ਵਿਖੇ ਸੰਪੂਰਨ ਹੋਇਆ। ਨਗਰ ਕੀਰਤਨ ਵਿਚ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਾਜਿੰਦਰ ਸਿੰਘ ਮਹਿਤਾ, ਮੈਂਬਰ ਭਾਈ ਰਾਮ ਸਿੰਘ, ਭਾਈ ਅਜਾਇਬ ਸਿੰਘ ਅਭਿਆਸੀ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਬਲਦੇਵ ਸਿੰਘ ਚੂੰਘਾ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ, ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸਾਬਕਾ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਮੀਤ ਸਕੱਤਰ ਸ. ਹਰਜਿੰਦਰ ਸਿੰਘ ਕੈਰੋਂਵਾਲ. ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਸਕੱਤਰ ਸਿੰਘ, ਸ. ਗੁਰਮੀਤ ਸਿੰਘ ਬੁੱਟਰ, ਸ. ਪ੍ਰੀਤਪਾਲ ਸਿੰਘ ਐਲ.ਏ., ਸ. ਅਮਰਬੀਰ ਸਿੰਘ ਢੋਟ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਆਦਿ ਮੌਜੂਦ ਸਨ।

# ਨਵਜੋਤੀ ਪਬਲਿਕ ਸਕੂਲ ਗੱਗੋਮਾਹਲ ਵਿਖੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ



ਅਜਨਾਲਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਧਰਮ ਪ੍ਰਚਾਰ ਲਹਿਰ ਤਹਿਤ ਨੌਜਵਾਨ ਪੀੜ੍ਹੀ ਨੂੰ ਗੁਰਬਾਣੀ ਅਤੇ ਸਿੱਖ ਵਿਰਸੇ ਪ੍ਰਤੀ ਉਤਸ਼ਾਹਿਤ ਕਰਨ ਲਈ, ਸ਼੍ਰੋਮਣੀ ਕਮੇਟੀ ਮੈਂਬਰ ਮਾਸਟਰ ਅਮਰੀਕ ਸਿੰਘ ਵਿਛੋਆ ਦੇ ਸਹਿਯੋਗ ਧਰਮ ਪ੍ਰਚਾਰ ਕਮੇਟੀ ਵੱਲੋਂ ਚਾਰ ਸਾਹਿਬਜਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਨਵਜੋਤੀ ਪਬਲਿਕ ਸੀਨੀਅਰ ਸਕੈਂਡਰੀ ਸਕੂਲ ਗੱਗੋਮਾਹਲ ਵਿਖੇ ਵਿਦਿਆਰਥੀਆਂ ਦੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ ਗਏ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਕਾਰ ਸਿੰਘ ਸੂਰੇਪੁਰ ਨੇ ਬੱਚਿਆਂ ਨੂੰ ਸਾਹਿਬਜਾਦਿਆਂ ਦੀ ਸ਼ਹਾਦਤ ਤੋਂ ਜਾਣੂ ਕਰਵਾਉਂਦਿਆਂ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਇਹ ਮੁਕਾਬਲੇ ਪਹਿਲੀ ਤੋਂ ਪੰਜਵੀ ਤੱਕ, ਛੇਵੀਂ ਤੋਂ ਅੱਠਵੀਂ ਤੱਕ ਅਤੇ ਨੌਵੀਂ ਤੋਂ ਬਾਰਵੀਂ ਤੱਕ ਤਿੰਨ ਵਰਗਾ ਵਿੱਚ ਕਰਵਾਏ ਗਏ। ਪਹਿਲੇ ਦੂਸਰੇ ਤੇ ਤੀਸਰੇ ਸਥਾਨ ਤੇ ਆਉਣ ਵਾਲੇ ਵਿਦਿਆਰਥੀਆਂ ਅਤੇ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਸਾਬਕਾ ਮੀਤ ਸਕੱਤਰ ਸ. ਕਰਮਬੀਰ ਸਿੰਘ ਕਿਆਮਪੁਰ, ਪ੍ਰਚਾਰਕ ਭਾਈ ਬਲਕਾਰ ਸਿੰਘ ਸੂਰੇਪੁਰ ਤੇ ਭਾਈ ਸੁਖਰਾਜ ਸਿੰਘ ਵੱਲੋਂ ਸਨਮਾਨ ਚਿੰਨ੍ਹ, ਮੈਡਲ ਤੇ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ ਗਿਆ।

# ਸ. ਮਹਿੰਦਰ ਸਿੰਘ ਆਹਲੀ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਕੱਤਰ ਵਜੋਂ ਕਾਰਜਭਾਰ ਸੰਭਾਲਿਆ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਵੇਂ ਨਿਯੁਕਤ ਨਿੱਜੀ ਸਕੱਤਰ ਸ. ਮਹਿੰਦਰ ਸਿੰਘ ਆਹਲੀ ਨੇ ਆਪਣਾ ਕਾਰਜਭਾਰ ਸੰਭਾਲ ਲਿਆ ਹੈ। ਸ਼੍ਰੋਮਣੀ ਕਮੇਟੀ ਮੁੱਖ ਦਫ਼ਤਰ ਵਿਖੇ ਪਹੁੰਚੇ ਭਾਈ ਲੌਂਗੋਵਾਲ ਨੇ ਉਨ੍ਹਾਂ ਨੂੰ ਜ਼ੁੰਮੇਵਾਰੀ 'ਤੇ ਕਾਰਜਸ਼ੀਲ ਹੋਣ ਸਮੇਂ ਸਿਰੋਪਾਓ ਦੇ ਕੇ ਨਿਵਾਜਿਆ। ਇਸ ਮੌਕੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ. ਮਹਿੰਦਰ ਸਿੰਘ ਆਹਲੀ ਨੂੰ ਵਧਾਈ ਦਿੰਦਿਆਂ ਨਵੀਂ ਜ਼ੁੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਇਸ ਦੌਰਾਨ ਨਿੱਜੀ ਸਕੱਤਰ ਸ. ਆਹਲੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਉਨ੍ਹਾਂ 'ਤੇ ਭਰੋਸਾ ਪ੍ਰਗਟ ਕੀਤਾ ਗਿਆ ਹੈ ਅਤੇ ਉਹ ਆਪਣੀ ਜ਼ੁੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ।

ਸ. ਆਹਲੀ ਦੇ ਸੇਵਾ ਸੰਭਾਲਣ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਅੰਤ੍ਰਿੰਗ ਮੈਂਬਰ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਭਾਈ ਰਾਮ ਸਿੰਘ, ਸ. ਭਗਵੰਤ ਸਿੰਘ ਸਿਆਲਕਾ, ਭਾਈ ਅਜਾਇਬ ਸਿੰਘ ਅਭਿਆਸੀ, ਸ. ਗੁਰਨਾਮ ਸਿੰਘ ਜੱਸਲ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸਾਬਕਾ ਸਕੱਤਰ ਸ. ਸਤਬੀਰ ਸਿੰਘ ਧਾਮੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਸ. ਰਣਜੀਤ ਸਿੰਘ, ਵਧੀਕ ਸਕੱਤਰ ਸ. ਪ੍ਰਤਾਪ ਸਿੰਘ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਸਿਮਰਜੀਤ ਸਿੰਘ, ਸ. ਸਕੱਤਰ ਸਿੰਘ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਗੁਰਮੀਤ ਸਿੰਘ ਬੁੱਟਰ, ਸ. ਨਿਸ਼ਾਨ ਸਿੰਘ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਹਰਜਿੰਦਰ ਸਿੰਘ ਕੈਰੋਂਵਾਲ ਤੇ ਸ. ਸਤਿੰਦਰ ਸਿੰਘ, ਸ. ਮੁਖਤਾਰ ਸਿੰਘ ਮੈਨੇਜਰ ਆਦਿ ਮੌਜੂਦ ਸਨ।

# ਗੁਰੂ ਨਾਨਕ ਅਕੈਡਮੀ ਓਠੀਆਂ ਸਾਹਿਬ ਵਿਖੇ ਬੱਚਿਆਂ ਦੇ ਧਾਰਮਿਕ ਮੁਕਾਬਲੇ ਕਰਵਾਏ



ਬਟਾਲਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖੀ ਦੇ ਪ੍ਰਚਾਰ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਗੁਰੂ ਨਾਨਕ ਅਕੈਡਮੀ ਓਠੀਆਂ ਸਾਹਿਬ ਵਿਖੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਸੱਜਣ ਸਿੰਘ ਬੱਜੂਮਾਨ ਦੀ ਅਗਵਾਈ ਵਿਚ 22 ਸਕੂਲਾਂ ਦੇ ਸੁੰਦਰ ਦਸਤਾਰ ਸਜਾਉਣ ਦੇ ਫਾਈਨਲ ਮੁਕਾਬਲੇ ਕਰਵਾਏ ਗਏ। ਇਹ ਮੁਕਾਬਲੇ ਜੂਨੀਅਰ ਤੇ ਸੀਨੀਅਰ ਵਰਗ ਦੇ ਵਿਦਿਆਰਥੀਆਂ ਵਿੱਚ ਕਰਵਾਏ ਗਏ। ਸੀਨੀਅਰ ਵਰਗ ਵਿਚ ਰਤਨ ਪਬਲਿਕ ਸਕੂਲ ਸੀੜਾ ਦੇ ਵਿਦਿਆਰਥੀ ਸ਼ੁਭਪ੍ਰੀਤ ਸਿੰਘ ਨੇ ਪਹਿਲਾ, ਐਕਸੈਲਸੀਅਰ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀ ਹੁਸਨਪ੍ਰੀਤ ਸਿੰਘ ਨੇ ਦੂਜਾ ਤੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਨਾਸਰਕੇ ਦੇ ਵਿਦਿਆਰਥੀ ਮੁਹੱਬਤਪ੍ਰੀਤ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਜੂਨੀਅਰ ਵਰਗ ਵਿਚ ਮੈਰੀਗੋਲਡ ਪਬਲਿਕ ਸਕੂਲ ਅਲੀਵਾਲ ਦੇ ਵਿਦਿਆਰਥੀ ਸਾਹਿਲਪ੍ਰੀਤ ਸਿੰਘ ਨੇ ਪਹਿਲਾ, ਗੁਰੂ ਨਾਨਕ ਕਿੰਡਰ ਗਾਰਟਨ ਸਕੂਲ ਕਾਲਾ ਅਫਗਾਨਾ ਦੇ ਵਿਦਿਆਰਥੀ ਲਵਪ੍ਰੀਤ ਸਿੰਘ ਨੇ ਦੂਜਾ ਤੇ ਗੁਰੂ ਕਲਗੀਧਰ ਹਾਈ ਸਕੂਲ ਰੋੜੀਵਾਲ ਦੇ ਵਿਦਿਆਰਥੀ ਗੁਰਸ਼ਰਨਜੋਤ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਹਰੇਕ ਸਕੂਲ ਦੇ ਵਿਦਿਆਰਥੀਆਂ ਦੀ ਵਿਸ਼ੇਸ਼ ਚੋਣ ਵੀ ਕੀਤੀ ਗਈ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਸੱਜਣ ਸਿੰਘ ਬੱਜੂਮਾਨ, ਭਾਈ ਰਣਜੀਤ ਸਿੰਘ ਵੜੈਚ, ਮੈਨੇਜਰ ਸ. ਮਨਜੀਤ ਸਿੰਘ ਜੌੜਾਸਿੰਘਾ, ਪ੍ਰਿੰ: ਗੁਰਸ਼ਰਨ ਸਿੰਘ ਤੇ ਭਾਈ ਕੁਲਬੀਰ ਸਿੰਘ ਉਦੋਵਾਲੀ ਵੱਲੋਂ ਜੇਤੂ ਵਿਦਿਆਰਥੀਆਂ ਅਤੇ ਸਕੂਲਾਂ ਦੇ ਅਧਿਆਪਕਾਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਸਨਮਾਨਿਤ ਕੀਤਾ। ਮੁਕਾਬਲੇ ਸਮੇਂ ਜੱਜਾਂ ਦੀ ਭੂਮਿਕਾ ਭਾਈ ਮਨਜੀਤ ਸਿੰਘ ਕਾਦੀਆਂ ਤੇ ਭਾਈ ਬਲਬੀਰ ਸਿੰਘ ਸੇਖਵਾਂ ਨੇ ਨਿਭਾਈ। ਇਸ ਮੌਕੇ ਸ. ਦਵਿੰਦਰ ਸਿੰਘ ਲਾਲੀ, ਭਾਈ ਅੰਗਰੇਜ਼ ਸਿੰਘ, ਭਾਈ ਤਰਸੇਮ ਸਿੰਘ ਸੇਖਵਾਂ ਸਮੇਤ ਵੱਖ-ਵੱਖ ਸਕੂਲਾਂ ਦੇ ਅਧਿਆਪਕ ਤੇ ਵਿਦਿਆਰਥੀ ਹਾਜ਼ਰ ਸਨ।



ਧਰਮ ਪ੍ਰਚਾਰ ਲਹਿਰ ਤਹਿਤ ਗੁਰਦੁਆਰਾ ਬਾਬਾ ਗਾਂਧਾ ਸਿੰਘ ਜੀ ਬਰਨਾਲਾ ਵਿਖੇ 14 ਜਨਵਰੀ ਨੂੰ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 16 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।

# ਗੁਰੂ ਨਾਨਕ ਕਾਲਜ ਬਟਾਲਾ ਵਿਖੇ ਅੰਤਰ ਸਕੂਲ ਮੁਕਾਬਲੇ 2020 ਕਰਵਾਏ



ਬਟਾਲਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਚੱਲ ਰਹੇ ਗੁਰੂ ਨਾਨਕ ਕਾਲਜ ਬਟਾਲਾ ਵਿਖੇ ਅੰਤਰ ਸਕੂਲ ਮੁਕਾਬਲੇ 2020 ਕਰਵਾਏ ਗਏ। ਇਸ ਮੌਕੇ ਮੁੱਖ ਮਹਿਮਾਨ ਵੱਜੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਕੱਤਰ ਸ. ਮਹਿੰਦਰ ਸਿੰਘ ਆਹਲੀ ਸ਼ਾਮਲ ਹੋਏ। ਸਮਾਗਮ ਦੀ ਆਰੰਭਤਾ ਸਮੇਂ ਕਾਲਜ ਦੇ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਆਏ ਹੋਏ ਮਹਿਮਾਨਾ ਨੂੰ ਜੀ ਆਇਆਂ ਆਖਦਿਆਂ ਝਾਣਕਾਰੀ ਦਿੱਤੀ ਕਿ ਇਨ੍ਹਾਂ ਅੰਤਰ ਸਕੂਲ ਮੁਕਾਬਲਿਆਂ ਵਿਚ 22 ਸਕੂਲਾਂ ਦੀਆਂ ਵੱਖ-ਵੱਖ ਟੀਮਾਂ ਨੇ ਭਾਗ ਲਿਆ, ਜਿਸ ਵਿਚ 500 ਦੇ ਕਰੀਬ ਵਿਦਿਆਰਥੀ ਸ਼ਾਮਲ ਹੋਏ। ਪ੍ਰੋਗਰਾਮ ਦਾ ਆਰੰਭ ਕਾਲਜ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਨਾਲ ਹੋਇਆ।

ਇਸ ਮੌਕੇ ਮੁੱਖ ਮਹਿਮਾਨ ਸ. ਮਹਿੰਦਰ ਸਿੰਘ ਆਹਲੀ ਨੇ ਸ਼ੰਬੋਧਨ ਕਰਦਿਆਂ ਕਿਹਾ ਕਿ ਇਹ ਅੰਤਰ ਸਕੂਲ ਮੁਕਾਬਲੇ ਵਿਦਿਆਰਥੀਆਂ ਅੰਦਰ ਉਤਸ਼ਾਹ ਤੇ ਹੌਂਸਲਾ ਭਰਨ ਦੇ ਨਾਲ-ਨਾਲ ਨਵਾਂ ਮੰਚ ਵੀ ਪ੍ਰਦਾਨ ਕਰਦੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਗਰਾਮਾਂ ਨਾਲ ਵਿਦਿਆਰਥੀਆਂ ਅੰਦਰ ਨਵੀਂ ਚੇਤਨਾ ਦਾ ਸੰਚਾਰ ਹੁੰਦਾ ਹੈ ਅਤੇ ਇਹ ਮੁਕਾਬਲੇ ਵਿਦਿਆਰਥੀਆਂ ਅੰਦਰ ਕਲਾ ਪ੍ਰਤਿਭਾ ਨਿਖਾਰਣ ਲਈ ਨਵੀਂ ਊਰਜਾ ਪ੍ਰਦਾਨ ਕਰਦੇ ਹਨ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਨਾਮ ਸਿੰਘ ਜੱਸਲ ਵੀ ਵਿਸ਼ੇਸ ਤੌਰ ਤੇ ਹਾਜਰ ਹੋਏ।

ਇਨ੍ਹਾਂ ਅੰਤਰ ਸਕੂਲ ਮੁਕਾਬਲਿਆਂ ਵਿਚ ਸ਼ਬਦ ਕੀਰਤਨ, ਕਵੀਸ਼ਰੀ, ਭਾਸ਼ਣ, ਲੇਖ ਤੇ ਦਸਤਾਰਬੰਦੀ ਸਮੇਤ ਹੋਰ ਮੁਕਾਬਲੇ ਕਰਵਾਏ ਗਏ। ਮੁਕਾਬਲਿਆਂ ਵਿਚ ਪੁਜੀਸ਼ਨਾ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਸਨਮਾਨ ਚਿੰਨ੍ਹ ਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸ. ਮਨਜੀਤ ਸਿੰਘ ਇੰਚਾਰਜ ਐਜੂਕੇਸ਼ਨ, ਪ੍ਰੋ: ਹਰਭਜਨ ਸਿੰਘ ਸੇਖੋਂ, ਸ. ਗੁਰਤਿੰਦਰਪਾਲ ਸਿੰਘ ਭਾਟੀਆ ਮੈਨੇਜਰ, ਜਰਨੈਲ ਸਿੰਘ ਮੈਨੇਜਰ, ਬਲਜੀਤ ਸਿੰਘ ਮੈਨੇਜਰ, ਸ. ਮਨਜੀਤ ਸਿੰਘ ਮੈਨੇਜਰ, ਪ੍ਰਿੰ: ਬਲਵਿੰਦਰ ਕੌਰ, ਪ੍ਰਿੰ: ਡਾ. ਸੰਤਸੇਵਕ ਸਿੰਘ, ਪ੍ਰਿੰ: ਸਤਨਾਮ ਸਿੰਘ ਬਾਠ, ਡਾ. ਗੁਰਵੰਤ ਸਿੰਘ ਸ. ਜੋਗਿੰਦਰ ਸਿੰਘ ਅੱਚਲੀ ਗੇਟ ਸਮੇਤ ਜਾਲਜ ਦਾ ਸਟਾਫ ਹਾਜ਼ਰ ਸੀ।

# ਸ੍ਰੀ ਗੁਰੂ ਰਾਮਦਾਸ ਮੈਡੀਕਲ ਯੂਨੀਵਰਸਿਟੀ ਕੈਂਸਰ ਮਰੀਜ਼ਾਂ ਦਾ ਆਧੁਨਿਕ ਵਿਧੀ ਨਾਲ ਕਰੇਗੀ ਇਲਾਜ਼

## ਸ੍ਰੀ ਗੁਰੂ ਰਾਮਦਾਸ ਮੈਡੀਕਲ ਯੂਨੀਵਰਸਿਟੀ ਤੇ ਟਾਟਾ ਮੈਮੋਰੀਅਲ ਹਸਪਤਾਲ ਮੁੰਬਈ ਵਿਚ ਸਮਝੌਤਾ ਸਹੀਬੱਧ



ਅੰਮ੍ਰਿਤਸਰ- ਕੈਂਸਰ ਦੇ ਮਰੀਜ਼ਾਂ ਨੂੰ ਬਿਹਤਰ ਇਲਾਜ਼ ਦੇਣ ਦੇ ਮੰਤਵ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਚੱਲ ਰਹੀ ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਵੱਲੋਂ ਟਾਟਾ ਮੈਮੋਰੀਅਲ ਹਸਪਤਾਲ ਮੁੰਬਈ ਨਾਲ ਇਕ ਅਹਿਮ ਸਮਝੌਤਾ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਅਤੇ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਟਰੱਸਟ ਦੇ ਸਕੱਤਰ ਡਾ. ਰੂਪ ਸਿੰਘ ਅਨੁਸਾਰ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ 'ਤੇ ਇਹ ਸਮਝੌਤਾ ਸ੍ਰੀ ਗੁਰੂ ਰਾਮਦਾਸ ਕੈਂਸਰ ਹਸਪਤਾਲ ਦੀਆਂ ਸੇਵਾਵਾਂ ਵਿਚ ਹੋਰ ਵਾਧਾ ਕਰਨ ਦੇ ਮੱਦੇਨਜ਼ਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਹੁਣ ਸ੍ਰੀ ਗੁਰੂ ਰਾਮਦਾਸ ਮੈਡੀਕਲ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਨੂੰ ਇਲਾਜ਼ ਦੀਆਂ ਆਧੁਨਿਕ ਤਕਨੀਕਾਂ ਨਾਲ ਜੋੜਿਆ ਜਾ ਸਕੇਗਾ। ਡਾ. ਰੂਪ ਸਿੰਘ ਨੇ ਦੱਸਿਆ ਕਿ ਸਮਝੌਤਾ ਸਹੀਬੱਧ ਕਰਨ ਸਮੇਂ ਉਨ੍ਹਾਂ ਸਮੇਤ ਸ੍ਰੀ ਗੁਰੂ ਰਾਮਦਾਸ ਮੈਡੀਕਲ ਯੂਨੀਵਰਸਿਟੀ ਦੇ ਡੀਨ ਡਾ. ਏ. ਪੀ. ਸਿੰਘ, ਰਜਿਸਟਰਾਰ ਡਾ. ਬਲਜੀਤ ਸਿੰਘ ਖੁਰਾਣਾ, ਡਾ. ਜਸਕਰਨ ਸਿੰਘ, ਟਾਟਾ ਮੈਮੋਰੀਅਲ ਹਸਪਤਾਲ ਦੇ ਡਾਇਰੈਕਟਰ ਡਾ. ਰਾਜਿੰਦਰਾ ਭਾਦਵੇ, ਡਾਇਰੈਕਟਰ ਅਕਾਦਮਿਕ ਡਾ. ਐਸ. ਡੀ. ਬਾਨਵਾਲੀ, ਡਾ. ਪੰਕਜ ਚਤਰਵੇਦੀ ਅਤੇ ਡਾ. ਪਰਥਮੇਸ਼ ਮੌਜੂਦ ਸਨ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਨੇ ਦੱਸਿਆ ਕਿ ਟਾਟਾ ਮੈਮੋਰੀਅਲ ਹਸਪਤਾਲ ਇੱਕ ਖੁਦਮੁਖਤਿਆਰ ਸੰਸਥਾ ਹੈ, ਜਿਸ ਦਾ ਪ੍ਰਬੰਧਕੀ ਕੰਟਰੋਲ ਐਟੋਮੀਕ ਐਨਰਜੀ ਵਿਭਾਗ ਭਾਰਤ ਸਰਕਾਰ ਕੋਲ ਹੈ। ਇਹ ਖੋਜ ਅਤੇ ਪੜ੍ਹਾਈ ਲਈ ਆਧੁਨਿਕ ਤਕਨੀਕ ਅਤੇ ਸਹੂਲਤ ਪ੍ਰਦਾਨ ਕਰਨ ਵਿਚ ਮੋਹਰੀ ਹੈ। ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਵੀ ਮੈਡੀਕਲ ਖੇਤਰ ਵਿਚ ਮੰਨੀ ਪ੍ਰਮੰਨੀ ਸੰਸਥਾ ਹੈ। ਦੋਹਾਂ ਸੰਸਥਾਵਾਂ ਵਿਚ ਸਮਝੌਤੇ ਨਾਲ ਮਰੀਜ਼ਾਂ ਨੂੰ ਇਲਾਜ਼ ਦੀਆਂ ਬਿਹਤਰ ਸੇਵਾਵਾਂ ਮਿਲ ਸਕਣਗੀਆਂ। ਡਾ. ਰੂਪ ਸਿੰਘ ਅਨੁਸਾਰ ਇਹ ਸਮਝੌਤਾ ਖਿਤੇ ਦੇ ਲੋਕਾਂ ਲਈ ਵਰਦਾਨ ਸਾਬਤ ਹੋਵੇਗਾ।

ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਦੇ ਡੀਨ ਡਾ. ਏ.ਪੀ. ਸਿੰਘ ਅਨੁਸਾਰ ਇਸ ਸਮਝੋਤੇ ਅਧੀਨ ਟਾਟਾ ਮੈਮੋਰੀਅਲ ਹਸਪਤਾਲ ਮੁੰਬਈ ਸ੍ਰੀ ਗੁਰੂ ਰਾਮਦਾਸ ਮੈਡੀਕਲ ਯੂਨੀਵਰਸਿਟੀ ਨੂੰ ਕੈਂਸਰ ਦੇ ਮਰੀਜ਼ਾਂ ਦਾ ਇਲਾਜ਼ ਕਰਨ ਲਈ ਸਹਿਯੋਗ ਕਰੇਗਾ। ਇਸ ਨਾਲ ਜਨਸੰਖਿਆਂ ਦੇ ਅਧਾਰ 'ਤੇ ਕੈਂਸਰ ਮਰੀਜ਼ਾਂ ਦੀ ਸੂਚੀ ਤਿਆਰ ਕਰਨ ਅਤੇ ਵੱਖ-ਵੱਖ ਬਿਮਾਰੀਆਂ ਤਹਿਤ ਅੰਗ ਦੇ ਕੇ ਇਲਾਜ਼ ਕਰਨ ਦੀ ਆਧੁਨਿਕ ਤਕਨੀਕ ਬਾਰੇ ਵੀ ਟ੍ਰੇਨਿੰਗ ਪ੍ਰਾਪਤ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਟਾਟਾ ਹਸਪਤਾਲ ਦੇ ਮੁਲਾਪੁਰ ਅਤੇ ਸੰਗਰੂਰ ਸਥਿਤ ਸੈਂਟਰਾਂ ਦਾ ਡਾਕਟਰੀ ਸਟਾਫ ਵੀ ਰੈਗੂਲਰ ਤੌਰ 'ਤੇ ਸ੍ਰੀ ਗੁਰੂ ਰਾਮਦਾਸ ਮੈਡੀਕਲ ਕਾਲਜ ਤੇ ਯੂਨੀਵਰਸਿਟੀ ਵਿਖੇ ਆਵੇਗਾ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਕੈਂਸਰ ਪੀੜਤਾਂ ਨੂੰ ਇਲਾਜ ਦੇ ਸਕਣ ਵਿਚ ਸ੍ਰੀ ਗੁਰੂ ਰਾਮਦਾਸ ਕੈਂਸਰ ਹਸਪਤਾਲ ਵੱਡੀ ਭੂਮਿਕਾ ਨਿਭਾਅ ਰਿਹਾ ਹੈ ਤੇ ਭਵਿੱਖ 'ਚ ਇਨ੍ਹਾਂ ਸੇਵਾਵਾਂ ਵਿਚ ਹੋਰ ਵਾਧਾ ਹੋਵੇਗਾ।

# ਭਾਈ ਲੌਂਗੋਵਾਲ ਨੇ ਸ. ਅੰਮ੍ਰਿਤ ਸਿੰਘ ਨੂੰ ਅਮਰੀਕਾ 'ਚ ਹੈਰਿਸ ਕਾਊਂਟੀ ਦਾ ਡਿਪਟੀ ਕਾਂਸਟੇਬਲ ਬਣਨ 'ਤੇ ਦਿੱਤੀ ਵਧਾਈ

ਅੰਮ੍ਰਿਤਸਰ- ਅਮਰੀਕਾ ਦੀ ਟੈਕਸਾਸ ਸਟੇਟ ਦੇ ਹੈਰਿਸ ਕਾਊਂਟੀ ਦੀ ਪਹਿਲੇ ਸਿੱਖ ਡਿਪਟੀ ਕਾਂਸਟੇਬਲ ਬਣਨ 'ਤੇ ਸ. ਅੰਮ੍ਰਿਤ ਸਿੰਘ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਵਧਾਈ ਦਿੱਤੀ ਹੈ।

ਸ਼੍ਰੋਮਣੀ ਕਮੇਟੀ ਦੇ ਦਫ਼ਤਰ ਤੋਂ ਜਾਰੀ ਬਿਆਨ ਰਾਹੀਂ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ ਨੇ ਕਿਹਾ ਕਿ ਸਿੱਖਾਂ ਲਈ ਮਾਣ ਵਾਲੀ ਗੱਲ ਹੈ ਕਿ ਅੰਮ੍ਰਿਤ ਸਿੰਘ ਨੇ ਇਸ ਅਹੁਦੇ 'ਤੇ ਪਹੁੰਚ ਕੇ ਪੂਰੀ ਸਿੱਖ ਕੌਮ ਦਾ ਮਾਣ ਵਧਾਇਆ ਹੈ। ਉਨ੍ਹਾਂ ਕਿਹਾ ਕਿ ਸਿੱਖ ਪੂਰੇ ਵਿਸ਼ਵ ਵਿਚ ਆਪਣੀ ਮਿਹਨਤ ਤੇ ਲਿਆਕਤ ਨਾਲ ਉੱਚ ਬੁਲੰਦੀਆਂ ਛੂਹ ਰਹੇ ਹਨ। ਇਹ ਆਪਣੇ ਗੁਰੂ ਸਾਹਿਬਾਨ ਦੀ ਵਿਚਾਰਧਾਰਾ ਅਤੇ ਸਿੱਖ ਰਹਿਣੀ ਅਨੁਸਾਰ ਹਰ ਇਕ ਨਾਲ ਮਿਲਵਰਤਨ ਰੱਖਦੇ ਹਨ। ਅੱਜ ਕਈ ਵਿਕਸਤ ਦੇਸ਼ਾਂ ਅੰਦਰ ਸਿੱਖ ਸਰਕਾਰਾਂ ਦਾ ਹਿੱਸਾ ਹੋਣ ਦੇ ਨਾਲ-ਨਾਲ ਵੱਖ-ਵੱਖ ਉੱਚ ਅਹੁਦਿਆਂ ਤੱਕ ਪਹੁੰਚੇ ਹੋਏ ਹਨ। ਸੇਵਾ, ਸਿਮਰਨ ਦੀ ਪ੍ਰੰਪਰਾ ਦੇ ਵਾਰਸ ਸਿੱਖ ਹਰ ਮੁਸ਼ਕਲ ਘੜੀ ਮਨੁੱਖਤਾ ਦੀ ਮੱਦਦ ਵਿਚ ਅੱਗੇ ਰਹਿੰਦੇ ਹਨ। ਉਨ੍ਹਾਂ ਅੰਮ੍ਰਿਤ ਸਿੰਘ ਦੀ ਇਸ ਪ੍ਰਾਪਤੀ ਤੋਂ ਹੋਰ ਨੌਜਵਾਨਾਂ ਨੂੰ ਪ੍ਰੇਰਨਾ ਲੈਣ ਦੀ ਅਪੀਲ ਵੀ ਕੀਤੀ।

# ਕਮਲ ਨਾਥ ਨੂੰ ਦਿੱਲੀ ਚੋਣਾਂ ਸਮੇਂ ਸਟਾਰ ਪ੍ਰਚਾਰਕ ਬਣਾਉਣਾ ਕਾਂਗਰਸ ਦੀ ਸਿੱਖ ਵਿਰੋਧੀ ਮਨਸ਼ਾ ਦਾ ਪ੍ਰਗਟਾਵਾ- ਭਾਈ ਲੌਂਗੋਵਾਲ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਾਂਗਰਸ ਪਾਰਟੀ ਵੱਲੋਂ ਕਮਲ ਨਾਥ ਨੂੰ ਦਿੱਲੀ ਚੋਣਾਂ ਲਈ ਸਟਾਰ ਪ੍ਰਚਾਰਕ ਬਣਾਉਣ ਦੇ ਫੈਸਲੇ 'ਤੇ ਸਖ਼ਤ ਇਤਰਾਜ਼ ਪ੍ਰਗਟ ਕੀਤਾ ਹੈ। ਇਸ ਸਬੰਧੀ ਜਾਰੀ ਇਕ ਬਿਆਨ ਰਾਹੀਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਕਾਂਗਰਸ ਨੇ ਹਮੇਸ਼ਾ ਹੀ ਸਿੱਖਾਂ ਦੇ ਕਤਲੇਆਮ ਦੇ ਦੋਸ਼ੀਆਂ ਦੀ ਪਿੱਠ ਥਾਪੜ ਕੇ ਸਿੱਖ ਕੌਮ ਦੇ ਰਿਸਦੇ ਜ਼ਖ਼ਮਾਂ 'ਤੇ ਲੂਣ ਪਾਇਆ ਹੈ ਅਤੇ ਹੁਣ ਕਾਂਗਰਸ ਵੱਲੋਂ ਕਮਲ ਨਾਥ ਨੂੰ ਦਿੱਲੀ ਚੋਣਾਂ ਸਮੇਂ ਸਟਾਰ ਪ੍ਰਚਾਰਕ ਬਣਾਉਣਾ ਇਸੇ ਸਿੱਖ ਵਿਰੋਧੀ ਮਨਸ਼ਾ ਦਾ ਪ੍ਰਗਟਾਵਾ ਹੈ। ਉਨ੍ਹਾਂ ਕਿਹਾ ਕਿ 1984 ਦੇ ਸਿੱਖ ਕਤਲੇਆਮ ਵਿਚ ਕਮਲ ਨਾਥ ਦਾ ਵੀ ਨਾਮ ਬੋਲਦਾ ਹੈ, ਜਦਕਿ ਕਾਂਗਰਸ ਉਸ ਵਿਰੁੱਧ ਕਾਰਵਾਈ ਕਰਨ ਦੀ ਥਾਂ ਉਸ ਨੂੰ ਅਹੁਦੇ ਦੇ ਕੇ ਨਿਵਾਜਦੀ ਰਹੀ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਕਾਂਗਰਸ ਦੇ ਇਸ ਫੈਸਲੇ ਦਾ ਸਖ਼ਤ ਵਿਰੋਧ ਕਰਦੀ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਾਮੇਸ਼ਾਂ 1984 ਦੇ ਦੋਸ਼ੀਆਂ ਨੂੰ ਬਚਾਉਣ ਦਾ ਯਤਨ ਕਰਦੀ ਰਹੀ ਹੈ ਪਰ ਸਰਕਾਰ ਵਿਚ ਤਬਦੀਲੀ ਤੋਂ ਬਾਅਦ ਪੀੜਤਾ ਨੂੰ ਨਿਆ ਮਿਲਣਾ ਸ਼ੁਰੂ ਹੋਇਆ ਹੈ ਤੇ ਸਜਣ ਕੁਮਾਰ ਸਮੇਤ ਕਈ ਹੋਰ ਦੋਸ਼ੀ ਜੇਲ੍ਹਾ ਵਿਚ ਡੱਕੇ ਹਨ। ਉਨ੍ਹਾਂ ਕਿਹਾ ਕਿ ਦਿੱਲੀ ਦੇ ਸਿੱਖ ਕਾਂਗਰਸ ਦੇ ਇਸ ਫੈਸਲੇ ਦਾ ਡੱਟ ਕੇ ਵਿਰੋਧ ਕਰਨਗੇ।

# ਪਿੰਡ ਮੰਨਣ ਵਿਖੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ



ਮੰਨਣ- ਨੌਜਵਾਨ ਬੱਚਿਆਂ ਨੂੰ ਸਮਾਜਿਕ ਤੋਂ ਦੂਰ ਰੱਖਣ ਤੇ ਗੁਰਬਾਣੀ ਨਾਲ ਜੋੜਣ ਦੇ ਮਕਸਦ ਤਹਿਤ ਗੁਰਦੁਆਰਾ ਪਿੱਪਲੀ ਸਾਹਿਬ ਪਿੰਡ ਮੰਨਣ ਵਿਖੇ ਚਾਲੀ ਮੁਕਤਿਆਂ ਦੀ ਯਾਦ ਨੂੰ ਸਮਰਪਿਤ ਗੁਰਬਾਣੀ ਕੰਠ ਮੁਕਾਬਲੇ ਕਰਵਾਏ ਗਏ, ਜਿਸ ਵਿਚ 100 ਦੇ ਕਰੀਬ ਬੱਚਿਆਂ ਨੇ ਭਾਗ ਲਿਆ। ਇਨ੍ਹਾਂ ਮੁਕਾਬਲਿਆਂ ਸਮੇਂ ਗਿਆਨੀ ਜਗਜੀਤ ਸਿੰਘ ਰਿਆੜ ਅਤੇ ਪ੍ਰਚਾਰਕ ਭਾਈ ਮਲਕੀਤ ਸਿੰਘ ਨੇ ਬੱਚਿਆਂ ਨੂੰ ਗੁਰਇਤਿਹਾਸ ਤੇ ਸਿੱਖ ਰਹਿਤ ਮਰਿਯਾਦਾ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਹਰਜੀਤ ਸਿੰਘ ਲਾਲੂ ਘੁੰਮਣ ਵੀ ਵਿਸ਼ੇਸ ਤੌਰ ਤੇ ਪਹੁੰਚੇ ਜਿਨ੍ਹਾਂ ਨੇ ਬੱਚਿਆਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਪਿੰਡ ਦੀ ਸੰਗਤ ਵੱਲੋਂ ਗਿਆਨੀ ਜਗਜੀਤ ਸਿੰਘ ਰਿਆੜ ਅਤੇ ਪ੍ਰਚਾਰਕ ਭਾਈ ਮਲਕੀਤ ਸਿੰਘ ਦਾ ਸਨਮਾਨ ਕੀਤਾ ਗਿਆ।

ਇਸ ਮੌਕੇ ਚੇਅਰਮੈਨ ਸ. ਕਸ਼ਮੀਰ ਸਿੰਘ ਮੰਨਣ, ਭਾਈ ਬਲਦੇਵ ਸਿੰਘ ਮੰਨਣ, ਭਾਈ ਸਾਹਿਬ ਸਿੰਘ ਬਾਬਾ ਰੂੜ ਸਿੰਘ, ਬਾਬਾ ਹਰਜਿੰਦਰ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਮਨਜੀਤ ਸਿੰਘ, ਸ. ਨਿਰਮਲ ਸਿੰਘ, ਭਾਈ ਨਿਸ਼ਾਨ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

# ਬਾਬਾ ਅਜੈ ਸਿੰਘ ਖ਼ਾਲਸਾ ਕਾਲਜ ਗੁਰਦਾਸ ਨੰਗਲ ਵਿਖੇ ਅੰਤਰ ਸਕੂਲ ਮੁਕਾਬਲੇ ਕਰਵਾਏ



ਧਾਰੀਵਾਲ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਚੱਲ ਰਹੇ ਬਾਬਾ ਅਜੈ ਸਿੰਘ ਖ਼ਾਲਸਾ ਕਾਲਜ ਗੁਰਦਾਸ ਨੰਗਲ ਵਿਖੇ ਅੰਤਰ ਸਕੂਲ ਸਾਇੰਸ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਾਜਿੰਦਰ ਸਿੰਘ ਮਹਿਤਾ ਨੇ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕੀਤੀ। ਉਨ੍ਹਾਂ ਆਪਣੇ ਸੰਬੋਧਨ ਵਿਚ ਵਿਦਿਆਰਥੀਆਂ ਨੂੰ ਆਪਣੀਆਂ ਜੜ੍ਹਾਂ ਨਾਲ ਜੁੜੇ ਰਹਿ ਕੇ ਬੁਲੰਦੀਆਂ ਨੂੰ ਛੂਹਣ ਦੀ ਤਾਕੀਦ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਮੁਕਾਬਲੇ ਬੱਚਿਆਂ ਦੀ ਪ੍ਰਤਿਭਾ ਨੂੰ ਨਿਖਾਰਣ ਵਿਚ ਸਹਾਈ ਹੁੰਦੇ ਹਨ ਇਸ ਲਈ ਅਜਿਹੇ ਕਾਰਜ ਨਿਰੰਤਰ ਜਾਰੀ ਰਹਿਣੇ ਚਾਹੀਦੇ ਹਨ। ਇਸ ਮੌਕੇ ਜੂਨੀਅਰ ਮੀਤ ਪ੍ਰਧਾਨ ਸ. ਗੁਰਬਖਸ਼ ਸਿੰਘ ਖਾਲਸਾ, ਅੰਤ੍ਰਿਗ ਮੈਂਬਰ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਸ. ਸੱਜਣ ਸਿੰਘ ਬੱਜੂਮਾਨ, ਸ. ਗੁਰਿੰਦਪਾਲ ਸਿੰਘ ਗੋਰਾ, ਜਥੇਦਾਰ ਰਤਨ ਸਿੰਘ ਜਫਰਵਾਲ ਨੇ ਵੀ ਵਿਸ਼ੇਸ ਮਹਿਮਾਨ ਵਜੋਂ ਸ਼ਿਰਕਤ ਕੀਤੀ। ਕਾਲਜ ਦੇ ਪ੍ਰਿੰਸੀਪਲ ਗੁਰਜੀਤ ਸਿੰਘ ਨੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿਚ ਜ਼ਿਲ੍ਹਾ ਗੁਰਦਾਸਪੁਰ ਦੇ ਲਗਭਗ 42 ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਮੁਕਾਬਲਿਆਂ ਦੌਰਾਨ ਜੱਜਾਂ ਦੀ ਭੂਮਿਕਾ ਪ੍ਰੋ: ਗੁਰਮੀਤ ਸਿੰਘ ਪੰਜਾਬੀ ਵਿਭਾਗ ਸਰਕਾਰੀ ਕਾਲਜ ਗੁਰਦਾਸਪੁਰ, ਪ੍ਰੋ: ਸਤਨਾਮ ਸਿੰਘ, ਸ. ਤਰਜਿੰਦਰ ਸਿੰਘ ਤੇ ਭਾਈ ਰਣਜੋਧ ਸਿੰਘ ਨੇ ਬਾਖੂਬੀ ਨਿਭਾਈ। ਇਨ੍ਹਾਂ ਮੁਕਾਬਲਿਆਂ ਵਿਚ ਓਵਰਆਲ ਟ੍ਰਾਫੀ ਗੁਰੂ ਰਾਮਦਾਸ ਅਕੈਡਮੀ ਔਜਲਾ ਨੇ ਪ੍ਰਾਪਤ ਕੀਤੀ। ਇਸ ਮੌਕੇ ਆਏ ਵਿਸ਼ੇਸ ਮਹਿਮਾਨਾ ਦਾ ਵਿਸ਼ੇਸ ਸਨਮਾਨ ਕੀਤਾ ਗਿਆ। ਇਸ ਮੌਕੇ ਭਾਗ ਲੈਣ ਵਾਲੇ ਸਾਰੇ ਸਕੂਲਾਂ ਦੇ ਮੁਖੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ. ਮਨਜੀਤ ਸਿੰਘ ਇੰਚਾਰਜ਼ ਐਜੋਕੇਸ਼ਨ, ਡਾ. ਆਤਮਾ ਸਿੰਘ ਗਿੱਲ, ਪ੍ਰੋ: ਸਤਨਾਮ ਸਿੰਘ, ਪ੍ਰੋ: ਅਜੈਪਾਲ ਸਿੰਘ, ਪ੍ਰੋ: ਮਨਜੀਤ ਕੌਰ, ਪ੍ਰੋ: ਪਵਨਜੀਤ ਕੌਰ ਸਮੇਤ ਕਾਲਜ਼ ਦਾ ਸਟਾਫ ਹਾਜਰ ਸੀ।

# ਧਰਮ ਪ੍ਰਚਾਰ ਕਮੇਟੀ ਵੱਲੋਂ ਦੋਆਬਾ ਜ਼ੋਨ ਦਾ 100ਵਾਂ ਹਫ਼ਤਾਵਾਰੀ ਸਮਾਗਮ ਕਰਵਾਇਆ ਗਿਆ



ਸ੍ਰੀ ਅਨੰਦਪੁਰ ਸਾਹਿਬ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੇ ਦੋਆਬਾ ਜ਼ੋਨ ਦਾ 100ਵਾਂ ਹਫ਼ਤਾਵਾਰੀ ਸਮਾਗਮ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਵਿਸ਼ੇਸ਼ ਤੌਰ 'ਤੇ ਪੁੱਜੇ ਜੂਨੀਅਰ ਮੀਤ ਪ੍ਰਧਾਨ ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ ਨੇ ਸੰਗਤ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪ੍ਰਚਾਰਕ ਕੌਮ ਦੀਆਂ ਸਤਿਕਾਰਤ ਹਸਤੀਆਂ ਹਨ, ਇਨ੍ਹਾਂ ਦਾ ਪੂਰਾ ਮਾਣ-ਸਨਮਾਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅਸੀਂ ਇਨ੍ਹਾਂ ਦੀ ਬਦੌਲਤ ਹੀ ਧਰਮ ਦੇ ਪ੍ਰਚਾਰ ਪ੍ਰਸਾਰ ਦੇ ਟੀਚੇ ਸਰ ਕਰ ਰਹੇ ਹਾਂ। ਉਨ੍ਹਾਂ ਆਉਣ ਵਾਲੀਆਂ ਸ਼ਤਾਬਦੀਆਂ ਲਈ ਹੁਣ ਤੋਂ ਕਮਰ-ਕੱਸੇ ਕਰਕੇ ਸੰਗਤਾਂ ਵਿਚ ਪ੍ਰਚਾਰ ਕਰਨ ਦੀ ਅਪੀਲ ਕੀਤੀ। ਇਸ ਮੌਕੇ ਅਮਰਜੀਤ ਸਿੰਘ ਚਾਵਲਾ ਅਤੇ ਪ੍ਰਿੰ: ਸੁਰਿੰਦਰ ਸਿੰਘ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦੋਆਬਾ ਜ਼ੋਨ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕਰਦਿਆਂ ਕਿਹਾ ਇਸ ਜ਼ੋਨ ਵਿਚ ਤਾਇਨਾਤ ਹਰ ਇਕ ਪ੍ਰਚਾਰਕ ਆਪਣੀਆਂ ਸੇਵਾਵਾਂ ਬਾਖ਼ੂਬੀ ਨਿਭਾ ਰਿਹਾ ਹੈ। ਵਧੀਕ ਸਕੱਤਰ ਡਾ: ਪਰਮਜੀਤ ਸਿੰਘ ਸਰੋਆ ਨੇ 11 ਫਰਵਰੀ 2018 ਨੂੰ ਅਰੰਭਤਾ ਤੋਂ ਲੈ ਕੇ ਹੁਣ ਤਕ ਦੀ ਕਾਰਗੁਜ਼ਾਰੀ ਪੇਸ਼ ਕਰਦਿਆਂ ਸਮੂਹ ਪ੍ਰਚਾਰਕ, ਢਾਡੀ ਅਤੇ ਕਵੀਸ਼ਰ ਜਥਿਆਂ, ਮੈਂਬਰ ਸਾਹਿਬਾਨ ਅਤੇ ਦੋਆਬਾ ਜ਼ੋਨ ਦੀਆਂ ਸਿੱਖ ਸੰਗਤਾਂ ਦਾ ਧੰਨਵਾਦ ਕੀਤਾ। ਉਨ੍ਹਾਂ ਦੱਸਿਆਂ ਕਿ ਅੱਜ ਹੋਏ ਅੰਮ੍ਰਿਤ ਸੰਚਾਰ ਸਮਾਗਮ ਮੌਕੇ 54 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ ਹੈ। ਇਸ ਮੌਕੇ ਬਾਬਾ ਸੁੱਚਾ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ ਵਾਲੇ ਅਤੇ ਬਾਬਾ ਸਤਨਾਮ ਸਿੰਘ ਨੇ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ ਤੇ ਉਨ੍ਹਾਂ ਦਾ ਵਿਸ਼ੇਸ ਸਨਮਾਨ ਕੀਤਾ ਗਿਆ। ਇਸ ਮੌਕੇ ਭਾਈ ਸਰਬਜੀਤ ਸਿੰਘ ਖਡੂਰ ਸਾਹਿਬ, ਭਾਈ ਰਾਜਿੰਦਰਪਾਲ ਸਿੰਘ, ਭਾਈ ਸਰਬਜੀਤ ਸਿੰਘ ਲੁਧਿਆਣਾ, ਭਾਈ ਅਜੀਤ ਸਿੰਘ ਦੋਰਾਹਾ, ਭਾਈ ਸੁਖਵਿੰਦਰ ਸਿੰਘ ਰਟੌਲ, ਭਾਈ ਰਾਜਪਾਲ ਸਿੰਘ, ਭਾਈ ਲਵਪ੍ਰੀਤ ਸਿੰਘ, ਭਾਈ ਸੁਖਦੇਵ ਸਿੰਘ ਨੇ ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਈ। ਇਸ ਮੌਕੇ ਸ. ਜਸਵੀਰ ਸਿੰਘ ਮੈਨੇਜਰ, ਸ. ਹਰਜੀਤ ਸਿੰਘ ਸਾਬਕਾ ਮੈਨੇਜਰ, ਸ. ਜਸਵੰਤ ਸਿੰਘ ਪਟਵਾਰੀ, ਸ. ਹਰਦੇਵ ਸਿੰਘ ਸੂਚਨਾ ਅਫ਼ਸਰ, ਭਾਈ ਜਸਵਿੰਦਰ ਸਿੰਘ, ਭਾਈ ਹਰਮਿੰਦਰ ਸਿੰਘ, ਭਾਈ ਪਲਵਿੰਦਰ ਸਿੰਘ, ਭਾਈ ਗੁਰਮੇਜ ਸਿੰਘ, ਭਾਈ ਫ਼ਰਿਆਦ ਸਿੰਘ, ਭਾਈ ਪਲਵਿੰਦਰ ਸਿੰਘ, ਭਾਈ ਜਸਵਿੰਦਰ ਸਿੰਘ ਦਾਦੂਵਾਲ, ਭਾਈ ਸਰਵਣ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ। ਇਸ ਮੌਕੇ ਦੋਆਬਾ ਜ਼ੋਨ ਦੇ ਪ੍ਰਚਾਰਕਾਂ ਦੀਆਂ ਸੇਵਾਵਾਂ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।

# ਹਲਕਾ ਮੌੜ ਦੇ ਪਿੰਡ ਢੱਡੇ ਵਿਖੇ ਗੁਰਮਤਿ ਸਮਾਗਮ ਕਰਵਾਇਆ



ਤਲਵੰਡੀ ਸਾਬੋ- ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਕਮਟਰੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ ਅਨੁਸਾਰ ਜਥੇਦਾਰ ਗੁਰਤੇਜ ਸਿੰਘ ਢੱਡੇ ਮੈਂਬਰ ਸ਼੍ਰੋਮਣੀ ਕਮੇਟੀ ਦੇ ਜਤਨਾ ਸਦਕਾ ਧਰਮ ਪ੍ਰਚਾਰ ਕਮੇਟੀ ਵੱਲੋਂ ਹਲਕਾ ਮੌੜ ਦੇ ਪਿੰਡ ਢੱਡੇ ਦੇ ਗੁਰਦੁਆਰਾ ਸਾਹਿਬ ਬੁਰਜ ਵਾਲਾ ਵਿਖੇ ਪਿਛਲੇ ਦਿਨਾਂ ਤੋਂ ਜਪੁਜੀ ਸਾਹਿਬ ਦੀ ਅਰਥਾਂ ਤਮੇਤ ਸੰਥਿਆ ਸੁਰੂ ਕੀਤੀ ਗਈ ਸੀ, ਜਿਸ ਵਿੱਚ ਲਗਭਗ 70 ਗੁਰਸਿੱਖਾਂ ਨੇ ਸੰਥਿਆ ਕਰਕੇ ਲਾਹਾ ਪ੍ਰਾਪਤ ਕੀਤਾ ਜਿਨ੍ਹਾਂ ਵਿਚ ਬੱਚੇ, ਨੌਜਵਾਨ ਤੇ ਬਜੁਰਗ ਸ਼ਾਮਲ ਸਨ। ਸੰਥਿਆ ਦੀ ਸੰਪੂਰਨਤਾ ਸਮੇਂ ਵਿਸ਼ੇਸ ਸਮਾਗਮ ਕੀਤਾ ਗਿਆ।

ਇਸ ਮੌਕੇ ਜਥੇਦਾਰ ਗੁਰਤੇਜ ਸਿੰਘ ਨੇ ਕਿਹਾ ਕਿ ਗੁਰਬਾਣੀ ਦੀ ਸੰਥਿਆ ਹਰ ਇਕ ਲਈ ਜਰੂਰੀ ਹੈ। ਉਨ੍ਹਾਂ ਕਿਹਾ ਕਿ ਇਸ ਲਈ ਧਰਮ ਪ੍ਰਚਾਰ ਕਮੇਟੀ ਵੱਲੋਂ ਹੋਰ ਉਪਰਾਲੇ ਕੀਤੇ ਜਾਣਗੇ ਜਿਸ ਤਹਿਤ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਅਜਿਹੇ ਸਮਾਗਮ ਕੀਤੇ ਜਾਣਗੇ। ਇਸ ਮੌਕੇ ਸੰਥਿਆ ਕਰਵਾਉਣ ਦੀ ਸੇਵਾ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਨਿਰਭੈ ਸਿੰਘ ਜਿਉਂਦ ਵੱਲੋਂ ਨਿਭਾਈ ਗਈ। ਇਸ ਸੰਥਿਆ ਸਮਾਗਮ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੂੰ ਜਥੇਦਾਰ ਗੁਰਤੇਜ ਸਿੰਘ ਢੱਡੇ ਵੱਲੋਂ ਮੈਡਲ ਅਤੇ ਬਾਕੀ ਸੰਗਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਭਾਈ ਗੁਰਜੰਟ ਸਿੰਘ ਪ੍ਰਧਾਨ ਲੋਕਲ ਕਮੇਟੀ, ਭਾਈ ਬੂਟਾ ਸਿੰਘ, ਮੁੱਖ ਗ੍ਰੰਥੀ ਭਾਈ ਬਲਜੀਤ ਸਿੰਘ, ਭਾਈ ਹਰਦੀਪ ਸਿੰਘ, ਭਾਈ ਜਗਰੂਪ ਸਿੰਘ ਢੱਡੇ, ਭਾਈ ਗੁਰਪ੍ਰੀਤ ਸਿੰਘ ਭੂੰਦੜ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਵੱਲੋਂ ਛਾਪਿਆ ਜਾਵੇਗਾ ਸਿੱਖ ਗਦਰੀ ਬਾਬਿਆਂ ਤੇ ਬੱਬਰ ਅਕਾਲੀ ਲਹਿਰ ਦਾ ਇਤਿਹਾਸ-ਭਾਈ ਲੌਂਗੋਵਾਲ

## ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਗਦਰੀ ਯੋਧਿਆਂ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ 'ਚ ਸੁਸ਼ੋਭਿਤ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੰਤ੍ਰਿੰਗ ਕਮੇਟੀ ਦੇ ਫੈਸਲੇ ਅਨੁਸਾਰ ਸ੍ਰੀ ਦਰਬਾਰ ਸਾਹਿਬ ਦੇ ਕੇਂਦਰੀ ਸਿੱਖ ਅਜਾਇਬ ਘਰ ਵਿਖੇ 18 ਸਿੱਖ ਗਦਰੀ ਯੋਧਿਆਂ ਦੀਆਂ ਤਸਵੀਰਾਂ ਸਥਾਪਿਤ ਕੀਤੀਆਂ ਗਈਆਂ। ਇਸ ਨਾਲ ਗਦਰੀ ਬਾਬਿਆਂ ਦੀ ਦੇਣ ਨੂੰ ਸਿੱਖ ਜਗਤ ਵੱਲੋਂ ਵੱਡਾ ਸਨਮਾਨ ਪ੍ਰਾਪਤ ਹੋਇਆ ਹੈ। ਤਸਵੀਰਾਂ ਤੋਂ ਪਰਦਾ ਹਟਾਉਣ ਦੀ ਰਸਮ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਤੇ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਨਿਭਾਈ। ਇਸ ਮੌਕੇ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸ਼੍ਰੋਮਣੀ ਕਮੇਟੀ ਦੇ ਇਸ ਫੈਸਲੇ ਨੂੰ ਸ਼ਲਾਘਾਯੋਗ ਦੱਸਿਆ। ਇਸ ਤੋਂ ਪਹਿਲਾਂ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਭਾਈ ਕੁਲਵਿੰਦਰ ਸਿੰਘ ਨੇ ਅਰਦਾਸ ਕੀਤੀ।

ਇਸੇ ਦੌਰਾਨ ਇਨ੍ਹਾਂ ਗਦਰੀ ਬਾਬਿਆਂ ਦੇ ਪਰਿਵਾਰਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਭਾਈ ਗੁਰਦਾਸ ਹਾਲ ਵਿਖੇ ਆਯੋਜਿਤ ਕੀਤੇ ਗਏ ਇਕ ਕੌਮਾਂਤਰੀ ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਕੌਮਾਂਤਰੀ ਸਮਾਗਮ ਵਿਚ ਉਚੇਚੇ ਤੌਰ 'ਤੇ ਕੈਨੇਡਾ ਤੋਂ ਕਰੀਬ 50 ਮੈਂਬਰੀ ਜਥਾ ਵੀ ਸ਼ਾਮਲ ਹੋਇਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਆਪਣੇ ਸੰਬੋਧਨ ਦੌਰਾਨ ਗਦਰੀ ਯੋਧਿਆਂ ਅਤੇ ਬੱਬਰ ਅਕਾਲੀ ਲਹਿਰ ਦਾ ਇਤਿਹਾਸ ਸ਼੍ਰੋਮਣੀ ਕਮੇਟੀ ਵੱਲੋਂ ਛਪਵਾ ਕੇ ਸੰਗਤਾਂ ਤੱਕ ਪਹੁੰਚਾਉਣ ਦਾ ਐਲਾਨ ਕੀਤਾ। ਭਾਈ ਲੌਂਗੋਵਾਲ ਨੇ ਆਖਿਆ ਕਿ ਸਿੱਖ ਗਦਰੀ ਯੋਧਿਆਂ ਨੇ ਦੇਸ਼ ਦੀ ਅਜ਼ਾਦੀ ਦੇ ਨਾਲ-ਨਾਲ ਵਿਦੇਸ਼ਾਂ ਦੀ ਧਰਤੀ 'ਤੇ ਮਨੁੱਖੀ ਕਦਰਾਂ ਕੀਮਤਾਂ ਦੀ ਬਹਾਲੀ ਲਈ ਲੜਾਈ ਲੜੀ। ਉਨ੍ਹਾਂ ਕਿਹਾ ਕਿ ਖ਼ਾਸਕਰ ਕੈਨੇਡਾ ਅੰਦਰ ਨਸਲੀ ਵਿਤਕਰੇ ਖਿਲਾਫ਼ ਸਿੱਖ ਗਦਰੀ ਬਾਬਿਆਂ ਨੇ ਜ਼ੋਰਦਾਰ ਅਵਾਜ਼ ਉਠਾਈ ਸੀ। ਆਪਣੇ ਇਨ੍ਹਾਂ ਪੁਰਖਿਆਂ ਦੀ ਦੇਣ ਸਦਕਾ ਹੀ ਵਿਦੇਸ਼ਾਂ ਅੰਦਰ ਸਿੱਖ ਉੱਚ ਮੁਕਾਮ ਹਾਸਲ ਕਰ ਰਹੇ ਹਨ। ਸਿੱਖਾਂ ਨੂੰ ਆਪਣੇ ਇਨ੍ਹਾਂ ਯੋਧਿਆਂ ਦੀ ਦੇਣ 'ਤੇ ਮਾਣ ਹੈ ਅਤੇ ਸਦਾ ਰਹੇਗਾ।

ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਕੈਨੇਡਾ ਦੇ ਮੈਂਬਰ ਪਾਰਲੀਮੈਂਟ ਸੁੱਖ ਧਾਲੀਵਾਲ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਰੀ ਦੇ ਪ੍ਰਧਾਨ ਸ. ਬਲਬੀਰ ਸਿੰਘ ਨਿੱਝਰ, ਗਦਰ ਮੈਮੋਰੀਅਲ ਸੁਸਾਇਟੀ ਕੈਨੇਡਾ ਦੇ ਪ੍ਰਧਾਨ ਡਾ. ਗੁਰਵਿੰਦਰ ਸਿੰਘ ਧਾਲੀਵਾਲ, ਜਥੇਦਾਰ ਮਹਿੰਦਰ ਸਿੰਘ ਮਹਿਸਮਪੁਰ ਅਤੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਵੀ ਸੰਬੋਧਨ ਕੀਤਾ। ਬੁਲਾਰਿਆਂ ਨੇ ਆਪਣੇ ਸੰਬੋਧਨ ਦੌਰਾਨ ਜਿਥੇ ਦੇਸ਼ ਦੀ ਅਜ਼ਾਦੀ ਵਿਚ ਸਿੱਖਾਂ ਦੇ ਯੋਗਦਾਨ 'ਤੇ ਚਾਨਣਾ ਪਾਇਆ, ਉਥੇ ਹੀ ਵਿਦੇਸ਼ਾਂ ਵਿਚ ਮਨੁੱਖੀ ਸਰੋਕਾਰਾਂ ਅਤੇ ਹੱਕਾਂ ਲਈ ਲੜਨ ਵਾਲੇ ਸਿੱਖ ਗਦਰੀ ਯੋਧਿਆਂ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ ਵਿਚ ਲਗਾਉਣ ਨੂੰ ਅਹਿਮ ਫੈਸਲਾ ਦੱਸਿਆ। ਸਾਰਿਆਂ ਨੇ ਇਕਸੁਰ ਵਿਚ ਅੱਜ ਦੇ ਦਿਨ ਨੂੰ ਯਾਦਗਾਰੀ ਦਿਨ ਕਿਹਾ ਅਤੇ ਸ਼੍ਰੋਮਣੀ ਕਮੇਟੀ ਦੇ ਇਸ ਫੈਸਲੇ ਦੀ ਸ਼ਲਾਘਾ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਦਾ ਕੈਨੇਡਾ ਦੀਆਂ ਸੰਗਤਾਂ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ, ਜਦਕਿ ਸ਼੍ਰੋਮਣੀ ਕਮੇਟੀ ਵੱਲੋਂ ਵੀ ਕੈਨੇਡਾ ਤੋਂ ਪੁੱਜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਗੁਰੂ ਬਖ਼ਸ਼ਿਸ਼ ਸਿਰਪਾਓ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ ਸਿੰਘ ਖ਼ਾਲਸਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਮੈਂਬਰ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਭਾਈ ਰਾਮ ਸਿੰਘ, ਸ. ਸੁਰਜੀਤ ਸਿੰਘ ਭਿੱਟੇਵਡ, ਸ. ਭਗਵੰਤ ਸਿੰਘ ਸਿਆਲਕਾ, ਭਾਈ ਅਜਾਇਬ ਸਿੰਘ ਅਭਿਆਸੀ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਬਾਵਾ ਸਿੰਘ ਗੁਮਾਨਪੁਰਾ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਸਕੱਤਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਤੇਜਿੰਦਰ ਸਿੰਘ ਪੱਡਾ, ਸ. ਗੁਰਮੀਤ ਸਿੰਘ ਬੁੱਟਰ, ਸ. ਤਰਲੋਚਨ ਸਿੰਘ ਬਾਹੀਆ ਕੈਨੇਡਾ, ਸ. ਲਖਵਿੰਦਰ ਸਿੰਘ ਕਾਹਨੇਕੇ, ਬਾਬਾ ਜਗਜੀਤ ਸਿੰਘ ਬੜੂ ਸਾਹਿਬ, ਸ. ਮਲਕੀਤ ਸਿੰਘ ਬਹਿੜਵਾਲ ਸੁਪ੍ਰਿੰਟੈਂਡੈਂਟ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਸ. ਇਕਬਾਲ ਸਿੰਘ ਮੁਖੀ ਆਦਿ ਮੌਜੂਦ ਸਨ।

# ਗੁਰਦੁਆਰਾ ਝੰਡਾ ਬੁੰਗਾ ਸਾਹਿਬ ਵਿਖੇ ਭਾਈ ਸਤਵੰਤ ਸਿੰਘ ਤੇ ਭਾਈ ਕੇਹਰ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ



ਅੰਮ੍ਰਿਤਸਰ- ਸ੍ਰੀ ਦਰਬਾਰ ਸਾਹਿਬ ਸਮੂਹ 'ਚ ਸਥਿਤ ਗੁਰਦੁਆਰਾ ਝੰਡਾ ਬੁੰਗਾ ਸਾਹਿਬ ਵਿਖੇ ਭਾਈ ਸਤਵੰਤ ਸਿੰਘ ਅਤੇ ਭਾਈ ਕੇਹਰ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਵਿਕਰਮਜੀਤ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸਰਵਣ ਕਰਵਾਇਆ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਵੀ ਮੌਜੂਦ ਸਨ। ਸਮਾਗਮ ਦੌਰਾਨ ਸ਼ਹੀਦ ਭਾਈ ਸਤਵੰਤ ਸਿੰਘ ਦੇ ਭਰਾ ਭਾਈ ਵਰਿਆਮ ਸਿੰਘ ਅਤੇ ਭਤੀਜੇ ਭਾਈ ਬਲਤੇਜ ਸਿੰਘ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਵੱਲੋਂ ਸਾਂਝੇ ਤੌਰ 'ਤੇ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸ. ਸਿਮਰਨਜੀਤ ਸਿੰਘ ਮਾਨ, ਭਾਈ ਕੰਵਰਪਾਲ ਸਿੰਘ ਬਿੱਟੂ, ਭਾਈ ਧਿਆਨ ਸਿੰਘ ਮੰਡ, ਭਾਈ ਮੋਹਕਮ ਸਿੰਘ, ਭਾਈ ਜਰਨੈਲ ਸਿੰਘ ਸਖੀਰਾ, ਭਾਈ ਮਨਜੀਤ ਸਿੰਘ ਭੋਮਾ, ਸ੍ਰੀ ਦਰਬਾਰ ਸਾਹਿਬ ਦੇ ਵਧੀਕ ਮੈਨੇਜਰ ਸ. ਸੁਖਰਾਜ ਸਿੰਘ, ਸ. ਬਘੇਲ ਸਿੰਘ, ਸ. ਰਾਜਿੰਦਰ ਸਿੰਘ ਰੂਬੀ, ਸ. ਜਸਪਾਲ ਸਿੰਘ, ਸਹਾਇਕ ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਭਾਈ ਤਰਸੇਮ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

# ਅੰਮ੍ਰਿਤਸਰ ਰੇਲਵੇ ਸਟੇਸ਼ਨ ਦੇ ਨਵੀਨੀਕਰਨ ਸਮੇਂ ਗੁਰੂ ਨਗਰੀ ਦੇ ਇਤਿਹਾਸਕ ਮਹੱਤਵ ਦਾ ਰੱਖਿਆ ਜਾਵੇ ਖ਼ਿਆਲ- ਭਾਈ ਲੌਂਗੋਵਾਲ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਹੈ ਕਿ ਭਾਰਤੀ ਰੇਲਵੇ ਸਟੇਸ਼ਨ ਵਿਕਾਸ ਕਾਰਪੋਰੇਸ਼ਨ ਅੰਮ੍ਰਿਤਸਰ ਦੇ ਰੇਲਵੇ ਸਟੇਸ਼ਨ ਨੂੰ ਨਵੀਂ ਨੁਹਾਰ ਦੇਣ ਸਮੇਂ ਇਸ ਦੇ ਪ੍ਰਵੇਸ਼ ਸਥਾਨ 'ਚੋਂ ਸਿੱਖ ਵਿਰਾਸਤ ਨੂੰ ਮਨਫ਼ੀ ਨਾ ਕਰੇ। ਉਨ੍ਹਾਂ ਕਿਹਾ ਕਿ ਗੁਰੂ ਨਗਰੀ ਦੇ ਇਤਿਹਾਸਕ ਮਹੱਤਵ ਅਨੁਸਾਰ ਹੀ ਇਹ ਕਾਰਜ ਕੀਤਾ ਜਾਣਾ ਚਾਹੀਦਾ ਹੈ।

ਭਾਈ ਲੌਂਗੋਵਾਲ ਨੇ ਆਖਿਆ ਕਿ ਅੰਮ੍ਰਿਤਸਰ ਦੀ ਵਿਰਾਸਤ ਦਾ ਪੂਰੇ ਵਿਸ਼ਵ ਵਿਚ ਆਪਣਾ ਵਿਲੱਖਣ ਸਥਾਨ ਹੈ ਅਤੇ ਸ੍ਰੀ ਅੰਮ੍ਰਿਤਸਰ ਨਗਰੀ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਵੱਲੋਂ ਵਰੋਸਾਈ ਹੋਣ ਕਾਰਨ ਇਸ ਦੇ ਜਨਤਕ ਥਾਵਾਂ ਨੂੰ ਸਿੱਖ ਵਿਰਾਸਤ ਅਨੁਸਾਰ ਹੀ ਬਣਾਇਆ ਜਾਵੇ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪੁੱਜਦੇ ਸ਼ਰਧਾਲੂਆਂ ਦੀ ਅੰਮ੍ਰਿਤਸਰ ਦੇ ਰੇਲਵੇ ਸਟੇਸ਼ਨ 'ਤੇ ਆਵਾਜਾਈ ਬਣੀ ਰਹਿੰਦੀ ਹੈ, ਇਸ ਲਈ ਇਸ ਦੀ ਨੁਹਾਰ ਗੁਰੂ ਨਗਰੀ ਦੀ ਵਿਰਾਸਤ ਅਨੁਸਾਰ ਬਣਾਉਣੀ ਜ਼ਰੂਰੀ ਹੈ। ਜਦੋਂ ਵੀ ਕੋਈ ਸ਼ਰਧਾਲੂ ਜਾਂ ਯਾਤਰੀ ਇਥੇ ਪਹੁੰਚੇ ਤਾਂ ਉਸ ਨੂੰ ਪਹਿਲੀ ਝਲਕ ਸ਼ਹਿਰ ਦੇ ਮਹੱਤਵ ਨੂੰ ਦਰਸਾਉਣ ਵਾਲੀ ਮਿਲੇ। ਹਵਾਈ ਅੱਡਾ, ਰੇਲਵੇ ਸਟੇਸ਼ਨ ਅਤੇ ਬੱਸ ਅੱਡਾ ਸਭ ਤੋਂ ਵੱਧ ਆਵਾਜਾਈ ਵਾਲੇ ਸਥਾਨ ਹੋਣ ਕਰਕੇ ਇਥੇ ਸਥਾਪਤ ਕੀਤੇ ਗਏ ਚਿੰਨ੍ਹ ਸ਼ਹਿਰ ਦੇ ਧਾਰਮਿਕ ਤੇ ਇਤਿਹਾਸਕ ਮਹੱਤਵ ਵਾਲੇ ਹੋਣੇ ਚਾਹੀਦੇ ਹਨ। ਭਾਈ ਲੌਂਗੋਵਾਲ ਨੇ ਕਿਹਾ ਕਿ ਸ੍ਰੀ ਅੰਮ੍ਰਿਤਸਰ ਸ਼ਹਿਰ ਸਿੱਖ ਭਵਨ ਨਿਰਮਾਣ ਕਲਾ ਵਿਚ ਵਿਸ਼ੇਸ਼ ਅਹਿਮੀਅਤ ਰੱਖਦਾ ਹੈ, ਕਿਉਂਕਿ ਇਥੇ ਪੂਰੇ ਵਿਸ਼ਵ ਦੇ ਲੋਕਾਂ ਲਈ ਅਧਿਆਤਮਿਕ ਅਗਵਾਈ ਦੇਣ ਵਾਲੇ ਮਹਾਨ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸੁਸ਼ੋਭਿਤ ਹਨ। ਇਸ ਤੋਂ ਇਲਾਵਾ ਕਈ ਸਿੱਖ ਵਿਰਾਸਤ ਨਾਲ ਸਬੰਧਤ ਹੋਰ ਨਿਸ਼ਾਨੀਆਂ ਵੀ ਅੰਮ੍ਰਿਤਸਰ ਦੀ ਸਿੱਖ ਭਵਨ ਨਿਰਮਾਣ ਕਲਾ ਨੂੰ ਪ੍ਰਗਟ ਕਰਦੀਆਂ ਹਨ। ਇਸ ਲਈ ਅੰਮ੍ਰਿਤਸਰ ਦੇ ਰੇਲਵੇ ਸਟੇਸ਼ਨ 'ਤੇ ਕੋਈ ਅਜਿਹਾ ਚਿੰਨ੍ਹ ਹੀ ਲਗਾਇਆ ਜਾਵੇ, ਜੋ ਇਥੋਂ ਦੇ ਇਤਿਹਾਸ, ਰਵਾਇਤਾਂ ਤੇ ਪ੍ਰੰਪਰਾਵਾਂ ਅਨੁਕੂਲ ਹੋਵੇ। ਭਾਈ ਲੌਂਗੋਵਾਲ ਨੇ ਆਖਿਆ ਕਿ ਇਸ ਸਬੰਧ ਵਿਚ ਭਾਰਤੀ ਰੇਲਵੇ ਸਟੇਸ਼ਨ ਵਿਕਾਸ ਕਾਰਪੋਰੇਸ਼ਨ ਨਾਲ ਰਾਬਤਾ ਵੀ ਕੀਤਾ ਜਾਵੇਗਾ।



ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ (ਪੱਕਾ ਗੁਰੂਸਰ) ਹੰਡਿਆਇਆ (ਬਰਨਾਲਾ) ਵਿਖੇ 13 ਜਨਵਰੀ 2020 ਨੂੰ ਕਰਵਾਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 45 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਲੜ ਲਗੇ।

# ਗੁਰਦੁਆਰਾ ਸੋਡਲ ਛਾਉਣੀ ਨਿਹੰਗ ਸਿੰਘਾਂ ਜਲੰਧਰ ਵਿਖੇ ਗੁਰਮਤਿ ਸਮਾਗਮ ਕਰਵਾਇਆ



ਜਲੰਧਰ- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਦਿਆਂ, ਮਾਤਾ ਗੁਜਰੀ ਜੀ ਤੇ ਹੋਰ ਸ਼ਹੀਦ ਸਿੰਘਾਂ ਦੀ ਯਾਦ 'ਚ ਗੁਰਦੁਆਰਾ ਸੋਡਲ ਛਾਉਣੀ ਨਿਹੰਗ ਸਿੰਘਾਂ ਜਲੰਧਰ ਵਿਖੇ ਗੁਰਮਤਿ ਸਮਾਗਮ ਕਰਵਾਏ ਗਏ। ਇਸ ਸਮਾਗਮ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਕੁਲਵੰਤ ਸਿੰਘ ਮੰਨਣ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਉਨ੍ਹਾਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਪ੍ਰੇਰਨਾ ਲੈਣ ਦੀ ਅਪੀਲ ਕੀਤੀ। ਇਸ ਮੌਕੇ ਭਾਈ ਸ਼ਮਸ਼ੇਰ ਸਿੰਘ ਮਿਸ਼ਰਪੁਰਾ ਦੇ ਢਾਡੀ ਜਥੇ ਵਲੋਂ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਸਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਸਬੰਧੀ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ। ਢਾਡੀ ਜਥੇ ਨੇ ਗੁਰੂ ਸਾਹਿਬ ਵੱਲੋਂ ਆਪਣੇ ਪਰਿਵਾਰ ਸਮੇਤ ਸ੍ਰੀ ਅਨੰਦਪੁਰ ਸਾਹਿਬ ਦਾ ਕਿਲ੍ਹਾ ਛੱਡਣ ਤੋਂ ਲੈ ਕੇ ਚਮਕੌਰ ਸਾਹਿਬ ਦੀ ਜੰਗ ਅਤੇ ਸਰਹਿੰਦ ਵਿਖੇ ਛੋਟੇ ਸਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਦੇ ਇਤਿਹਾਸ ਨੂੰ ਸੰਗਤਾਂ ਸੰਗਤਾਂ ਨਾਲ ਸਾਂਝਾ ਕੀਤਾ। ਇਸ ਮੌਕੇ ਸ. ਸੰਤੋਖ ਸਿੰਘ ਪਾਇਲਟ, ਸ. ਬਲਜੀਤ ਸਿੰਘ ਨੀਲਾਮਹਿਲ, ਸ. ਕੁਲਦੀਪ ਸਿੰਘ ਪਾਇਲਟ, ਸ. ਮਨਿੰਦਰ ਪਾਲ ਸਿੰਘ ਗੁੰਬਰ, ਸ. ਰਵਿੰਦਰ ਸਿੰਘ, ਸ. ਹਰਭਜਨ ਸਿੰਘ ਖਰਬੰਦਾ, ਸ. ਹਰਵਿੰਦਰ ਸਿੰਘ ਨਾਗੀ, ਸ. ਜਗਵਿੰਦਰ ਸਿੰਘ ਭਾਟੀਆ, ਸ. ਗਗਨਦੀਪ ਸਿੰਘ, ਸ. ਸੁਰਿੰਦਰ ਸਿੰਘ ਬਿੱਟੂ, ਸ. ਹਰਬੰਸ ਸਿੰਘ ਧੂਪੜ, ਸ. ਇੰਦਰਪ੍ਰੀਤ ਸਿੰਘ, ਸ. ਅਰਜਨ ਸਿੰਘ, ਸ. ਜਸਵੰਤ ਸਿੰਘ ਟੌਹੜਾ, ਸ. ਸੁਰਜੀਤ ਸਿੰਘ ਭੁਪਾਲ ਸਮੇਤ ਸੰਗਤਾਂ ਹਾਜ਼ਰ ਸਨ।

# ਅਦਾਰਾ ਸੱਚੇ ਪਾਤਸ਼ਾਹ ਵੱਲੋਂ ਮੁੱਖ ਸਕੱਤਰ ਡਾ. ਰੂਪ ਸਿੰਘ ਨੂੰ ਸਰਦਾਰ ਬਹਾਦਰ ਸਿੰਘ ਪੁਰਸਕਾਰ




ਅੰਮ੍ਰਿਤਸਰ- ਦਿੱਲੀ ਤੋਂ ਪ੍ਰਕਾਸ਼ਤ ਹੁੰਦੇ 'ਸੱਚੇ ਪਾਤਸ਼ਾਹ' ਧਾਰਮਿਕ ਮੈਗਜ਼ੀਨ ਦੇ ਪ੍ਰਬੰਧਕਾਂ ਵੱਲੋਂ ਸਿੱਖ ਪੰਥ ਦੇ ਦੋ ਪ੍ਰਸਿੱਧ ਸਿੱਖ ਵਿਦਵਾਨ ਡਾ. ਰੂਪ ਸਿੰਘ ਮੁੱਖ ਸਕੱਤਰ ਸ਼੍ਰੋਮਣੀ ਕਮੇਟੀ ਅਤੇ ਡਾ. ਜਸਬੀਰ ਸਿੰਘ ਸਰਨਾ ਕਸ਼ਮੀਰ ਨੂੰ ਕ੍ਰਮਵਾਰ ਡਾ. ਲੱਖਾ ਸਿੰਘ ਪੁਰਸਕਾਰ ਅਤੇ ਸ. ਬਹਾਦਰ ਸਿੰਘ ਯਾਦਗਾਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਹੈ। ਅਦਾਰੇ ਵੱਲੋਂ ਰਸ਼ੀਅਨ ਕਲਚਰਲ ਸੈਂਟਰ ਫਿਰੋਜ਼ਸ਼ਾਹ ਰੋਡ ਨਵੀਂ ਦਿਲੀ ਵਿਖੇ ਰੱਖੇ ਸਨਮਾਨ ਸਮਾਰੋਹ ਮੌਕੇ ਪੰਜਾਬੀ ਸਾਹਿਤ ਦੇ ਇਨ੍ਹਾਂ ਨਾਮਵਰ ਦੋ ਸਿੱਖ ਵਿਦਵਾਨਾਂ ਤੋਂ ਇਲਾਵਾ ਸਿੱਖ ਪੰਥ ਦੇ ਚਰਚਿਤ ਕਵੀਆਂ ਨੂੰ ਵੀ ਵੱਖ-ਵੱਖ ਐਵਾਰਡ ਦਿੱਤੇ ਗਏ। ਇਹ ਪੰਜਾਬੀ ਦਾ ਪਹਿਲਾ ਧਾਰਮਿਕ ਮਾਸਿਕ ਪੱਤਰ ਹੈ, ਜੋ ਆਪਣੇ ਸਾਲਾਨਾ ਸਮਾਗਮ ਸਮੇਂ ਪੰਜਾਬੀ ਸਾਹਿਤ ਅਤੇ ਗੁਰਮਤਿ ਵਿੱਚ ਨਾਮਣਾ ਖੱਟਣ ਵਾਲੇ ਵਿਸ਼ੇਸ਼ ਵਿਦਵਾਨਾਂ ਤੇ ਸਿੱਖ ਸ਼ਖ਼ਸ਼ੀਅਤਾਂ ਨੂੰ ਸਨਮਾਨਿਤ ਕਰਦਾ ਆ ਰਿਹਾ ਹੈ। ਪਰਚੇ ਦੇ ਸੰਪਾਦਕ ਸ. ਸੁਰਜੀਤ ਸਿੰਘ ਆਰਟਿਸਟ ਹਨ ਅਤੇ 17 ਸਾਲਾਂ ਤੋਂ ਛਪ ਰਹੇ ਇਸ ਮਾਸਿਕ ਪੱਤਰ ਨੂੰ ਵਰਲਡ ਬੁੱਕ ਵਿਚ ਦਰਜ਼ ਹੋਣ ਦਾ ਮਾਣ ਵੀ ਹਾਸਲ ਹੈ।

ਸਨਮਾਨ ਸਮਾਗਮ ਦੌਰਾਨ ਡਾ. ਰੂਪ ਸਿੰਘ ਨੂੰ ਡਾ. ਲੱਖਾ ਸਿੰਘ ਮੈਮੋਰੀਅਲ ਐਵਾਰਡ ਅਤੇ ਡਾ. ਜਸਬੀਰ ਸਿੰਘ ਸਰਨਾ ਕਸ਼ਮੀਰ ਨੂੰ ਸਵਰਗੀ ਸ. ਬਹਾਦਰ ਸਿੰਘ ਯਾਦਗਾਰੀ ਐਵਾਰਡ ਤਹਿਤ 21-21 ਹਜ਼ਾਰ ਰੁਪਏ ਨਕਦ ਇਨਾਮੀ ਰਾਸ਼ੀ, ਯਾਦਗਾਰੀ ਚਿੰਨ, ਸਨਮਾਨ ਪੱਤਰ ਅਤੇ ਦੋਸ਼ਾਲਾ ਭੇਟ ਕੀਤਾ ਗਿਆ। ਇਨ੍ਹਾਂ ਸਨਮਾਨਿਤ ਵਿਦਵਾਨਾਂ ਨੇ ਸਿੱਖ ਜਗਤ ਨੂੰ ਵੱਡੀ ਸਾਹਿਤਕ ਦੇਣ ਦਿਤੀ ਹੈ। ਦੋਹਾਂ ਵਿਦਵਾਨਾਂ ਨੇ ਯਾਦਗਾਰੀ ਪੁਸਤਕਾਂ ਸਿੱਖ ਜਗਤ ਦੀ ਝੋਲੀ ਪਾਈਆਂ ਹਨ।

ਸਨਮਾਨ ਸਮਾਰੋਹ ਦੇ ਮੁੱਖ ਮਹਿਮਾਨ ਵਜੋਂ ਪ੍ਰਸਿੱਧ ਸਨਅਤਕਾਰ ਸ. ਗੁਰਮੀਤ ਸਿੰਘ ਕੁਲਾਰ ਸ਼ਾਮਲ ਹੋਏ ਅਤੇ ਪ੍ਰਧਾਨਗੀ ਮੰਡਲ ਵਿੱਚ ਸ. ਸੁਖਦੇਵ ਸਿੰਘ ਰਿਐਤ, ਸ. ਬਲਬੀਰ ਸਿੰਘ ਇੰਜੀ: ਸ. ਮਹਿੰਦਰ ਸਿੰਘ ਭੁੱਲਰ, ਸ. ਇੰਦਰਜੀਤ ਸਿੰਘ, ਸ. ਹਰਭਜਨ ਸਿੰਘ ਫੁੱਲ, ਸ. ਦਿਲਜੀਤ ਸਿੰਘ ਬੇਦੀ, ਸ. ਸੁਰਜੀਤ ਸਿੰਘ ਆਰਟਿਸਟ ਸ਼ਾਮਲ ਸਨ। ਇਸ ਮੌਕੇ ਡਾ. ਜਸਬੀਰ ਸਿੰਘ ਸਰਨਾ ਦੀ ਪੁਸਤਕ ਬਾਜ਼ਨਾਮਾ ਜੋ ਆਲ ਇੰਡਿਆ ਸਿੱਖ ਸਟੂਡੈਂਟਸ ਦਾ ਸੰਪੇਖ ਇਤਿਹਾਸ ਹੈ ਅਤੇ ਸ. ਸੁਰਜੀਤ ਸਿੰਘ ਆਰਟਿਸਟ ਦੀ ਪੁਸਤਕ 'ਪਹਿਲ ਕਦਮੀ' ਰੀਲੀਜ਼ ਕੀਤੀ ਗਈਆਂ।

ਦੱਸਣਯੋਗ ਹੈ ਕਿ ਅਦਾਰਾ ਸੱਚੇ ਪਾਤਸ਼ਾਹ ਵੱਲੋਂ ਹੁਣ ਤੱਕ ਲਗਭਗ 60 ਵਿਦਵਾਨਾਂ ਅਤੇ 20 ਨਾਮਵਰ ਸਿੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਜਾ ਚੁੱਕਾ ਹੈ। ਮੈਗਜ਼ੀਨ ਦੇ ਸੰਪਾਦਕ ਸ. ਸੁਰਜੀਤ ਸਿੰਘ ਅਨੁਸਾਰ ਸਨਮਾਨਿਤ ਕੀਤੀਆਂ ਜਾ ਚੁੱਕੀਆਂ ਪ੍ਰਮੁੱਖ ਸ਼ਖ਼ਸੀਅਤਾਂ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸਵਰਗੀ ਜਥੇ: ਅਵਤਾਰ ਸਿੰਘ, ਮੌਜੂਦਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ, ਸ਼੍ਰੋਮਣੀ ਕਮੇਟੀ ਦੇ ਸਾਬਕਾ ਸਕੱਤਰ ਤੇ ਸਿੱਖ ਵਿਦਵਾਨ ਸ. ਦਿਲਜੀਤ ਸਿੰਘ ਬੇਦੀ, ਉੱਘੇ ਵਿਦਵਾਨ ਡਾ. ਰਵੇਲ ਸਿੰਘ, ਡਾ. ਰਤਨ ਸਿੰਘ ਜੱਗੀ, ਡਾ. ਗੁਰਭਜਨ ਸਿੰਘ ਗਿੱਲ, ਡਾ. ਗੁਰਮੁਖ ਸਿੰਘ ਚੰਡੀਗੜ੍ਹ, ਡਾ. ਜਗਬੀਰ ਸਿੰਘ, ਡਾ. ਹਰਚੰਦ ਸਿੰਘ ਬੇਦੀ, ਡਾ. ਬਲਦੇਵ ਸਿੰਘ ਬੱਦਨ, ਸ. ਜਸਵੰਤ ਸਿੰਘ ਜੱਸ ਪੱਤਰਕਾਰ, ਉੱਘੇ ਬਜ਼ੁਰਗ ਕਵੀ ਸ. ਗੁਰਚਰਨ ਸਿੰਘ, ਸ. ਭਗਵਾਨ ਸਿੰਘ ਦੀਪਕ, ਡਾ. ਤਰਵਿੰਦਰ ਕੌਰ ਆਦਿ ਨਾਮ ਸ਼ਾਮਲ ਹਨ।

ਸਨਮਾਨ ਸਮਾਰੋਹ ਸਮੇਂ ਕਵੀ ਸ. ਜਸਵੰਤ ਸਿੰਘ ਸੇਖਵਾਂ, ਸ੍ਰੀ ਹਰਿੰਦਰ ਪਤੰਗਾ, ਪ੍ਰਿੰਸੀਪਲ ਜਸਵਿੰਦਰ ਸਿੰਘ, ਪ੍ਰਿੰਸੀਪਲ ਮਿਲਖੀਰਾਮ, ਡਾ. ਹਰਬੰਸ ਕੌਰ ਸੱਗੂ, ਡਾ. ਹਰਪ੍ਰੀਤ ਕੌਰ, ਬੀਬਾ ਤਰਨਪ੍ਰੀਤ ਕੌਰ, ਸੁੰਦਰਪਾਲ ਪ੍ਰੇਮੀ, ਅਨੂਪ ਸਿੰਘ ਨੂਰੀ, ਸਿਮਰਨ ਸੇਠੀ, ਸ. ਅਵਤਾਰ ਸਿੰਘ ਭੂਰਜੀ, ਸ. ਅਜੀਤ ਸਿੰਘ ਸੀਹਰਾ, ਸ. ਹਰਦੀਪ ਸਿੰਘ, ਸ. ਭਗਵਾਨ ਸਿੰਘ ਥੰਜਲ, ਸ. ਪਰਮਜੀਤ ਸਿੰਘ ਵਿਰਦੀ, ਸ. ਸ਼ੁਕਰਗੁਜਾਰ ਸਿੰਘ ਐਡਵੋਕੇਟ, ਐਸ. ਐਸ. ਕਲਸੀ, ਸ. ਕੰਵਰਜੀਤ ਸਿੰਘ, ਸ. ਜਗਦੀਪ ਸਿੰਘ ਸੋਈ, ਸ. ਕੁਲਵੰਤ ਸਿੰਘ ਖਾਲਸਾ, ਸ. ਜਸਵਿੰਦਰ ਸਿੰਘ ਰਿਐਤ, ਸ. ਇਕਬਾਲ ਸਿੰਘ ਆਦਿ ਸ਼ਖ਼ਸ਼ੀਅਤਾਂ ਹਾਜ਼ਰ ਸਨ।

## ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਇਆ ਨਗਰ ਕੀਰਤਨ



ਅੰਮ੍ਰਿਤਸਰ- ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਖ਼ਾਲਸਈ ਜਾਹੋ-ਜਲਾਲ ਨਾਲ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਸਜਾਏ ਗਏ ਇਸ ਨਗਰ ਕੀਰਤਨ ਦੀ ਆਰੰਭਤਾ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਅਰਦਾਸ ਕੀਤੀ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕਰਨ ਦੀ ਸੇਵਾ ਵੀ ਨਿਭਾਈ। ਨਗਰ ਕੀਰਤਨ ਦੀ ਆਰੰਭਤਾ ਸਮੇਂ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ, ਭਾਈ ਰਾਮ ਸਿੰਘ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਤੇ ਸ. ਪ੍ਰਤਾਪ ਸਿੰਘ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਸਕੱਤਰ ਸਿੰਘ, ਸ. ਤੇਜਿੰਦਰ ਸਿੰਘ ਪੱਡਾ, ਸ. ਹਰਜਿੰਦਰ ਸਿੰਘ ਕੈਰੋਂਵਾਲ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ। ਇਸ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਵੱਲੋਂ ਸਤਿਨਾਮ ਵਾਹਿਗੁਰੂ ਦੇ ਜਾਪ ਨਾਲ ਨਗਰ ਕੀਰਤਨ ਦੌਰਾਨ ਸ਼ਮੂਲੀਅਤ ਕੀਤੀ ਗਈ।

ਨਗਰ ਕੀਰਤਨ ਦੌਰਾਨ ਸ਼ਹਿਰ ਦੇ ਵੱਖ-ਵੱਖ ਸਕੂਲਾਂ ਦੇ ਬੱਚਿਆਂ ਹਾਜ਼ਰੀ ਭਰੀ ਅਤੇ ਬੈਂਡ ਦੀਆਂ ਮਨੋਹਰ ਧੁੰਨਾਂ ਨਾਲ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਗਤਕਾ ਅਖਾੜਿਆਂ ਨੇ ਵੀ ਸਿੱਖ ਜੰਗਜੂ ਕਲਾ ਗੱਤਕੇ ਦੇ ਜ਼ੌਹਰ ਵਿਖਾ ਕੇ ਖ਼ਾਲਸਈ ਰੰਗ ਬੰਨ੍ਹਿਆ। ਨਗਰ ਕੀਰਤਨ ਦੇ ਰਸਤੇ ਨੂੰ ਖ਼ੂਬਸੂਰਤ ਲੜੀਆਂ ਨਾਲ ਸਜਾਇਆ ਗਿਆ ਸੀ ਅਤੇ ਸੰਗਤਾਂ ਨੇ ਚਾਹ-ਪਾਣੀ ਅਤੇ ਫਲ ਫਰੂਟ ਨਾਲ ਸੇਵਾ ਕਰਕੇ ਵੀ ਅਥਾਹ ਸ਼ਰਧਾ ਪ੍ਰਗਟਾਈ। ਨਗਰ ਕੀਰਤਨ ਦੌਰਾਨ ਹੋਰਨਾਂ ਤੋਂ ਇਲਾਵਾ ਸ੍ਰੀ ਦਰਬਾਰ ਸਾਹਿਬ ਦੇ ਵਧੀਕ ਮੈਨੇਜਰ ਸ. ਸੁਖਬੀਰ ਸਿੰਘ, ਸ. ਬਘੇਲ ਸਿੰਘ, ਸ. ਇਕਬਾਲ ਸਿੰਘ ਮੁਖੀ, ਸ/ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਇੰਚਾਰਜ ਸ. ਪਰਮਦੀਪ ਸਿੰਘ, ਸ. ਪਲਵਿੰਦਰ ਸਿੰਘ ਚਿੱਟਾ, ਸ. ਮਨਜੀਤ ਸਿੰਘ ਤਲਵੰਡੀ, ਸ. ਕਰਨਜੀਤ ਸਿੰਘ, ਪ੍ਰੋ. ਸੁਖਦੇਵ ਸਿੰਘ ਸਮੇਤ ਸਮੂਹ ਸਟਾਫ਼ ਅਤੇ ਵੱਡੀ ਗਿਣਤੀ ਸੰਗਤਾਂ ਹਾਜ਼ਰ ਸੀ।

## ਸਿੱਖ ਮਿਸ਼ਨ ਜੰਮੂ ਕਸ਼ਮੀਰ ਵੱਲੋਂ ਵਿਜੇ ਪੁਰ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ



ਸਾਂਬਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸਿੱਖ ਮਿਸ਼ਨ ਜੰਮੂ ਕਸ਼ਮੀਰ ਵੱਲੋਂ ਗੁਰਦੁਆਰਾ ਸਿੰਘ ਸਭਾ ਵਿਜੇ ਪੁਰ ਜ਼ਿਲ੍ਹਾ ਸਾਂਬਾ ਵਿਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਇਸ ਮੌਕੇ ਹੋਏ ਗੁਰਮਤਿ ਸਮਾਗਮ ਸਮੇਂ ਸਿੱਖ ਮਿਸ਼ਨ ਜੰਮੂ ਕਸ਼ਮੀਰ ਦੇ ਇੰਚਾਰਜ ਭਾਈ ਹਰਭਿੰਦਰ ਸਿੰਘ ਅਤੇ ਪ੍ਰਚਾਰਕ ਸਾਹਿਬਾਨ ਨੇ ਸੰਗਤਾਂ ਨਾਲ ਗੁਰਇਤਿਹਾਸ ਦੀ ਸਾਂਝ ਕਰਦਿਆਂ ਅੰਮ੍ਰਿਤ ਛੱਕਣ ਦੀ ਪ੍ਰੇਰਨਾ ਕੀਤੀ। ਇਸ ਮੌਕੇ ਹੋਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 94 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਗੁਰੂ ਵਾਲੇ ਬਣੇ। ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਭੇਟਾ ਰਹਿਤ ਦਿੱਤੇ ਗਏ। ਇਸ ਮੌਕੇ ਸਿੱਖ ਮਿਸ਼ਨ ਜੰਮੂ ਕਸ਼ਮੀਰ ਦੇ ਸਟਾਫ ਸਮੇਤ ਸਥਾਨਕ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

## ਧਾਰੀਵਾਲ ਦੇ ਪਿੰਡ ਆਲੀਨੰਗਲ ਵਿਖੇ ਗੁਰਮਤਿ ਸਮਾਗਮ ਕਰਵਾਇਆ



ਧਾਰੀਵਾਲ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭ ਕੀਤੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਵੱਖ-ਵੱਖ ਪਿੰਡਾਂ ਵਿਚ ਗੁਰਮਤਿ ਸਮਾਗਮ ਕੀਤੇ ਜਾਰਹੇ ਹਨ। ਇਸੇ ਲੜੀ ਤਹਿਤ ਸ਼੍ਰੋਮਣੀ ਕਮੇਟੀ ਹਲਕਾ ਧਾਰੀਵਾਲ ਤੋਂ ਮੈਂਬਰ ਬੀਬੀ ਜਸਬੀਰ ਕੌਰ ਜਫਰਵਾਲ ਅਤੇ ਧਰਮ ਪ੍ਰਚਾਰ ਕਮੇਟੀ ਦੇ ਸਾਬਕਾ ਮੈਂਬਰ ਜਥੇਦਾਰ ਰਤਨ ਸਿੰਘ ਜਫਰਵਾਲ ਦੇ ਵਿਸ਼ੇਸ ਉਪਰਾਲੇ ਨਾਲ ਹਲਕਾ ਧਾਰੀਵਾਲ ਦੇ ਪਿੰਡ ਆਲੀਨੰਗਲ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ।

ਸਮਾਗਮ ਦੀ ਆਰੰਭਤਾ ਸਮੇਂ ਪਿੰਡ ਦੇ ਚੁਫੇਰੇ ਸ਼ਬਦ ਚੌਕੀ ਕਰਦਿਆਂ ਸੰਗਤਾਂ ਨੂੰ ਸਮਾਗਮ ਵਿੱਚ ਪਹੁੰਚਣ ਲਈ ਪ੍ਰੇਰਿਆ ਗਿਆ। ਉਪਰੰਤ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਗੁਰਮਤਿ ਸਮਾਗਮ ਕੀਤਾ ਗਿਆ। ਸਮਾਗਮ ਸਮੇਂ ਸੰਬੋਧਨ ਕਰਦਿਆਂ ਜਥੇਦਾਰ ਰਤਨ ਸਿੰਘ ਜਫਰਵਾਲ ਨੇ ਸੰਗਤਾਂ ਨੂੰ ਗੁਰਬਾਣੀ ਅਨੁਸਾਰ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਕੀਤੀ। ਉਨ੍ਹਾਂ ਕਿਹਾ ਕਿ ਸਾਨੂੰ ਦਸ਼ਮੇਸ ਪਾਤਸ਼ਾਹ ਵੱਲੋਂ ਬਖਸ਼ਿਸ ਕੀਤੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਆਪਣੇ ਬੱਚਿਆਂ ਨੂੰ ਵੀ ਸਿੱਖ ਵਿਰਸੇ ਨਾਲ ਜੋੜਨਾ ਚਾਹੀਦਾ ਹੈ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਬੀਰ ਸਿੰਘ ਹੇਮਰਾਜਪੁਰ, ਭਾਈ ਜਗਰੂਪ ਸਿੰਘ ਕਲਿਆਣਪੁਰ ਤੇ ਕਵੀਸ਼ਰ ਭਾਈ ਕੁਲਬੀਰ ਸਿੰਘ ਪਾਰਸ ਆਦਿ ਹਾਜ਼ਰ ਸਨ।

## ਖ਼ਾਲਸਾ ਪਬਲਿਕ ਸਕੂਲ ਗੱਗੋ ਮਾਹਲ ਵਿਖੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ



ਗੱਗੋ ਮਾਹਲ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ ਅਨੁਸਾਰ, ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਕਮੇਟੀ ਮੈਂਬਰ ਮਾਸਟਰ ਅਮਰੀਕ ਸਿੰਘ ਵਿਛੋਆ ਦੇ ਸਹਿਯੋਗ ਨਾਲ, ਬੱਚਿਆਂ ਨੂੰ ਸਿੱਖ ਵਿਰਸੇ ਤੋਂ ਜਾਣੂ ਕਰਵਾਉਣ ਲਈ, ਖ਼ਾਲਸਾ ਪਬਲਿਕ ਸਕੂਲ ਗੱਗੋ ਮਾਹਲ ਵਿਖੇ ਵਿਦਿਆਰਥੀਆਂ ਦੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ ਗਏ। ਪਹਿਲੀ ਤੋਂ ਪੰਜਵੀ ਤੱਕ, ਛੇਵੀਂ ਤੋਂ ਅੱਠਵੀਂ ਤੱਕ ਅਤੇ ਨੌਵੀਂ ਤੋਂ ਬਾਰਵੀਂ ਤੱਕ ਤਿੰਨ ਵਰਗਾ ਵਿੱਚ ਕਰਵਾਏ ਗਏ ਇਨ੍ਹਾਂ ਮੁਕਾਬਲਿਆਂ ਵਿਚ ਬੱਚਿਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਵਿਦਿਆਰਥੀਆਂ ਕੋਲੋਂ ਗੁਰਬਾਣੀ ਸੁਣਨ ਦੀ ਸੇਵਾ ਪ੍ਰਚਾਰਕ ਭਾਈ ਬਲਕਾਰ ਸਿੰਘ ਸੂਰੇਪੁਰ ਤੇ ਪ੍ਰਚਾਰਕ ਭਾਈ ਸੁਖਰਾਜ ਸਿੰਘ ਨੇ ਨਿਭਾਈ। ਪਹਿਲੇ, ਦੂਸਰੇ, ਤੀਸਰੇ ਸਥਾਨ ਤੇ ਆਉਣ ਵਾਲੇ ਅਤੇ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਸ਼੍ਰੋਮਣੀ ਕਮੇਟੀ ਵੱਲੋ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਰਮਦਾਸ ਦੇ ਮੈਨੇਜ਼ਰ ਸ. ਹਰਜਿੰਦਰ ਸਿੰਘ ਲਸਕਰੀ ਨੰਗਲ, ਪ੍ਰਚਾਰਕ ਭਾਈ ਬਲਕਾਰ ਸਿੰਘ ਸੂਰੇਪੁਰ, ਸ. ਨੱਥਾ ਸਿੰਘ ਤੇ ਭਾਈ ਸੁਖਰਾਜ ਸਿੰਘ ਨੇ ਸਨਮਾਨ ਚਿੰਨ੍ਹ, ਮੈਡਲ ਤੇ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ।

## ਗੁਰਦੁਆਰਾ ਪ੍ਰਬੰਧ: ਚੋਣਵੇਂ ਸਰੋਕਾਰ' ਵਿਸ਼ੇ ਤਹਿਤ ਸੈਮੀਨਾਰ

### ਗੁਰਦੁਆਰਾ ਮੈਨੇਜਮੈਂਟ 'ਤੇ ਆਰੰਭਿਆ ਕੋਰਸ ਸ਼੍ਰੋਮਣੀ ਕਮੇਟੀ ਦਾ ਵਿਲੱਖਣ ਕਾਰਜ: ਜਥੇਦਾਰ ਗਿਆਨੀ ਹਰਪ੍ਰੀਤ ਸਿੰਘ



ਬਹਾਦਰਗੜ੍ਹ - ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ਼ ਅਡਵਾਂਸਡ ਸਟੱਡੀਜ਼ ਇਨ ਸਿੱਖਇਜ਼ਮ, ਬਹਾਦਰਗੜ੍ਹ, ਪਟਿਆਲਾ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸ਼ਤਾਬਦੀ ਨੂੰ ਸਮਰਪਿਤ 'ਪ੍ਰਬੰਧ ਅਧਿਐਨ ਅਤੇ ਗੁਰਦੁਆਰਾ ਪ੍ਰਬੰਧ: ਚੋਣਵੇਂ ਸਰੋਕਾਰ' ਵਿਸ਼ੇ ਤਹਿਤ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਦੀ ਆਰੰਭਤਾ ਮੌਕੇ ਡਾ. ਤੇਜਿੰਦਰ ਕੌਰ ਧਾਲੀਵਾਲ ਡਾਇਰੈਕਟਰ, ਡਾਇਰੈਕਟੋਰੇਟ ਆਫ ਐਜੂਕੇਸ਼ਨ ਨੇ ਆਏ ਮਹਿਮਾਨਾਂ ਨੂੰ ਜੀ ਆਇਆ ਆਖਿਆ।

ਇਸ ਮੌਕੇ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ੁਰੂ ਕੀਤਾ ਗਿਆ ਬੈਚੁਲਰ ਆਫ਼ ਮੈਨੇਜਮੈਂਟ ਸਟੱਡੀਜ਼ (ਗੁਰਦੁਆਰਾ ਮੈਨੇਜਮੈਂਟ) ਕੋਰਸ ਸ਼ਲਾਘਾਯੋਗ ਉਪਰਾਲਾ ਹੈ। ਸਿੰਘ ਸਾਹਿਬ ਜੀ ਨੇ ਕਿਹਾ ਕਿ ਇਹ ਵਿਸ਼ਾ ਆਪਣੇ ਆਪ ਵਿਚ ਵਿਲੱਖਣ ਅਤੇ ਬਹੁਤ ਮਹੱਤਤਾ ਵਾਲਾ ਹੈ ਅਤੇ ਇਹੋ ਜਿਹੇ ਉਪਰਾਲੇ ਭਵਿੱਖ ਵਿਚ ਜਾਰੀ ਰੱਖਣੇ ਚਾਹੀਦੇ ਹਨ।

ਇਸ ਮੌਕੇ ਡਾ. ਬ੍ਰਿਜਪਾਲ ਸਿੰਘ ਜੀ ਨੇ 'ਗੁਣਵੰਤ ਪ੍ਰਬੰਧਕ: ਯੋਗਤਾਵਾਂ ਤੇ ਜ਼ਿੰਮੇਵਾਰੀਆਂ' ਵਿਸ਼ੇ ਤਹਿਤ ਚਾਨਣਾ ਪਾਉਂਦਿਆਂ ਕਿਹਾ ਕਿ ਸੇਵਾ ਅਤੇ ਸਿਮਰਨ, ਗੁਣਵੰਤ ਪ੍ਰਬੰਧ ਦੀਆਂ ਮੁੱਢਲੀਆਂ ਯੋਗਤਾਵਾਂ ਹਨ। ਉਨ੍ਹਾਂ ਕਿਹਾ ਕਿ ਕੁਸ਼ਲ ਪ੍ਰਬੰਧਕ ਨਿੱਜ ਹਿੱਤ ਨਾਲੋਂ ਸੰਸਥਾ ਦੇ ਹਿੱਤ ਨੂੰ ਵਧੇਰੇ ਤਰਜੀਹ ਦਿੰਦਾ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ ਨੇ ਆਪਣੇ ਪ੍ਰਧਾਨਗੀ ਭਾਸ਼ਨ ਵਿਚ ਕਿਹਾ ਕਿ ਇਸ ਸੰਸਥਾ ਵਿਚ ਚੱਲ ਰਹੇ ਕੋਰਸ ਦੀ ਗੁਰਦੁਆਰਾ ਪ੍ਰਬੰਧ ਵਿਚ ਬਹੁਤ ਜ਼ਿਆਦਾ ਮਹੱਤਤਾ ਹੈ ਅਤੇ ਸਮੇਂ ਦੀ ਲੋੜ ਨੂੰ ਮੁਖ ਰਖਦਿਆਂ ਇਹੋ ਜਿਹੇ ਹੋਰ ਵੀ ਕੋਰਸ ਸ਼ੁਰੂ ਕਰਨੇ ਚਾਹੀਦੇ ਹਨ। ਸਮਾਗਮ ਦੇ ਅੰਤ ਵਿੱਚ ਸ਼੍ਰੋਮਣੀ ਕਮੇਟੀ ਮੈਂਬਰ ਸ. ਜਰਨੈਲ ਸਿੰਘ ਕਰਤਾਰਪੁਰ ਨੇ ਆਏ ਵਿਦਵਾਨਾਂ ਅਤੇ ਸਰੋਤਿਆਂ ਦਾ ਧੰਨਵਾਦ ਕੀਤਾ। ਸੈਮੀਨਾਰ ਦੌਰਾਨ ਹੋਰਨਾਂ ਤੋਂ ਇਲਾਵਾ ਡਾ. ਵਰਿੰਦਰਪਾਲ ਸਿੰਘ, ਡਾ. ਗੁਰਮੇਲ ਸਿੰਘ, ਡਾ. ਪੁਸ਼ਪਿੰਦਰ ਸਿੰਘ, ਡਾ. ਆਰ.ਕੇ.ਸ਼ਰਮਾ ਨੇ ਵੀ ਗੁਰਦੁਆਰਾ ਪ੍ਰਬੰਧ ਵਿਸ਼ੇ 'ਤੇ ਆਪਣੇ ਵਿਚਾਰ ਰੱਖੇ। ਸੰਸਥਾ ਦੇ ਮੁਖੀ ਡਾ. ਚਮਕੌਰ ਸਿੰਘ ਜੀ ਨੇ ਚੱਲ ਰਹੇ ਕੋਰਸ ਲਈ ਅਧਿਐਨ ਸਮੱਗਰੀ ਦੀ ਲੋੜ ਨੂੰ ਪੂਰਾ ਕਰਨ ਲਈ ਵਿਦਵਾਨ ਬੁਲਾਰਿਆਂ ਦੇ ਨਿਰੰਤਰ ਸਹਿਯੋਗ ਲਈ ਅਪੀਲ ਕੀਤੀ। ਸਮਾਗਮ ਵਿਚ ਸ. ਜਸਮੇਰ ਸਿੰਘ ਲਾਛੜੂ ਅੰਤ੍ਰਿਗ ਮੈਂਬਰ, ਅੰਤ੍ਰਿਗ ਮੈਂਬਰ ਬੀਬੀ ਕੁਲਦੀਪ ਕੌਰ ਟੌਹੜਾ, ਮੈਂਬਰ ਸ. ਸਤਵਿੰਦਰ ਸਿੰਘ ਟੌਹੜਾ, ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ, ਪ੍ਰਿੰਸੀਪਲ ਪ੍ਰਭਜੋਤ ਕੌਰ ਚੰਡੀਗੜ੍ਹ, ਡਾ. ਬਲਕਾਰ ਸਿੰਘ, ਡਾ. ਪਰਮਵੀਰ ਸਿੰਘ, ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ, ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉਭਾ, ਡਾ. ਪ੍ਰਭਜੀਤ ਸਿੰਘ, ਪ੍ਰਿੰਸੀਪਲ ਡਾ. ਰਮਨਜੀਤ ਕੌਰ, ਪ੍ਰਿੰਸੀਪਲ ਜਸਵੀਰ ਕੌਰ, ਪ੍ਰਿੰਸੀਪਲ ਹਰਮੀਤ ਕੌਰ ਅਨੰਦ, ਪ੍ਰਿੰਸੀਪਲ ਡਾ. ਗੁਰਵੀਰ ਸਿੰਘ, ਡਾ. ਮਲਕਿੰਦਰ ਕੌਰ, ਡਾ. ਕਿਰਨਦੀਪ ਕੌਰ, ਡਾ. ਹਰਦੇਵ ਸਿੰਘ, ਡਾ. ਤੇਜਿੰਦਰਪਾਲ ਸਿੰਘ ਸਮੇਤ ਬਹੁਤ ਸਾਰੀਆਂ ਨਾਮਵਰ ਸ਼ਖਸੀਅਤਾਂ ਨੇ ਸ਼ਿਰਕਤ ਕੀਤੀ।

## ਪਿੰਡ ਢੁਢੀਆਵਾਲ ਜਿਲਾ ਕਪੂਰਥਲਾ ਵਿਖੇ ਚਾਰ ਰੋਜ਼ਾ ਗੁਰਮਤਿ ਸਮਾਗਮ ਕਰਵਾਇਆ



ਸੁਲਤਾਨਪੁਰ ਲੋਧੀ- ਸਾਕਾ ਚਮਕੌਰ ਸਾਹਿਬ ਅਤੇ ਸਾਕਾ ਸਰਹਿੰਦ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਵਿਸ਼ੇਸ ਸਹਿਯੋਗ ਨਾਲ ਪਿੰਡ ਢੁਢੀਆਵਾਲ ਜਿਲਾ ਕਪੂਰਥਲਾ ਵਿਖੇ ਚਾਰ ਰੋਜ਼ਾ ਸ਼ਹੀਦੀ ਦਿਹਾੜਾ ਮਨਾਇਆ ਗਿਆ। ਜਿਸ ਵਿੱਚ ਅਖੀਰਲੇ ਦਿਨ ਭਾਈ ਹਰਜੀਤ ਸਿੰਘ ਪ੍ਰਚਾਰਕ ਇੰਚਾਰਜ ਮਾਝਾ ਜ਼ੋਨ ਨੇ ਸੰਗਤਾਂ ਨੂੰ ਸਾਕਾ ਸਰਹਿੰਦ ਨਿੱਕੀਆਂ ਜਿੰਦਾਂ ਵੱਡਾ ਸਾਕਾ ਸਬੰਧੀ ਇਤਿਹਾਸਕ ਵਿਚਾਰਾਂ ਦੀ ਸਾਂਝ ਪਾਈ, ਭਾਈ ਗੁਰਜੀਤ ਸਿੰਘ ਭੱਠਲ ਦੇ ਕਵੀਸ਼ਰੀ ਜਥੇ ਨੇ ਇਤਿਹਾਸ ਸਰਵਣ ਕਰਵਾਇਆ ਅਤੇ ਭਾਈ ਮਨਜੀਤ ਸਿੰਘ ਪ੍ਰਚਾਰਕ ਨੇ ਸਟੇਜ ਸਕੱਤਰ ਦੀ ਭੂਮਿਕਾ ਨਿਭਾਈ।

ਇਸ ਮੌਕੇ ਵਿਸ਼ੇਸ ਤੌਰ ਤੇ ਪਹੁੰਚੇ ਜਥੇਦਾਰ ਜਰਨੈਲ ਸਿੰਘ ਡੋਗਰਾਂਵਾਲਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਨੇ ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਕਰਦਿਆਂ ਬੱਚਿਆਂ ਨੂੰ ਵਿਰਸੇ ਅਨੁਸਾਰ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਕੀਤੀ। ਇਸ ਮੌਕੇ ਬੱਚਿਆਂ ਦੇ ਪ੍ਰਸ਼ਨੋਤਰੀ, ਕਵਿਤਾ ਅਤੇ ਦਸਤਾਰ, ਦੁਮਾਲਾ ਸਜਾਉਣ ਦੇ ਮੁਕਾਬਲੇ ਕਰਵਾਏ ਗਏ। ਮੁਕਾਬਲੇ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਜਥੇਦਾਰ ਜਰਨੈਲ ਸਿੰਘ ਡੋਗਰਾਂਵਾਲਾ ਮੈਂਬਰ ਸ਼੍ਰੋਮਣੀ ਕਮੇਟੀ, ਭਾਈ ਹਰਜੀਤ ਸਿੰਘ ਸੁਲਤਾਨਪੁਰ ਲੋਧੀ, ਭਾਈ ਪਰਮਿੰਦਰ ਸਿੰਘ ਖਾਲਸਾ, ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਨਿਸ਼ਾਨ ਸਿੰਘ ਢੁਢੀਆਵਾਲ ਅਤੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸਾਂਝੇ ਤੌਰ ਤੇ ਸਨਮਾਨ ਚਿੰਨ੍ਹ, ਮੈਡਲ ਅਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨ ਕੀਤਾ ਗਿਆ।

ਇਸ ਸਮਾਗਮ ਵਿੱਚ ਭਾਈ ਸੁਖਜੀਤ ਸਿੰਘ ਕਪੂਰਥਲਾ ਨੇ ਪਹਿਲੇ ਦਿਨਾਂ ਵਿੱਚ ਸਾਹਿਬਜ਼ਾਦਿਆਂ ਦੇ ਜੀਵਨ ਇਤਿਹਾਸ ਸਬੰਧੀ ਵਿਚਾਰਾਂ ਦੀ ਸਾਂਝ ਪਾਈ ਅਤੇ ਭਾਈ ਮਨਦੀਪ ਸਿੰਘ ਰੇਲ ਕੋਚ ਫੈਕਟਰੀ ਵਾਲੇ ਕੀਰਤਨੀ ਜਥੇ ਨੇ ਸੰਗਤਾਂ ਨੂੰ ਕੀਰਤਨ ਸੁਣਾ ਕੇ ਨਿਹਾਲ ਕੀਤਾ। ਸਮਾਗਮ ਦੀ ਸਫਲਤਾ ਲਈ ਭਾਈ ਨਿਸ਼ਾਨ ਸਿੰਘ ਢੁਢੀਆਵਾਲ, ਭਾਈ ਪਰਮਿੰਦਰ ਸਿੰਘ ਖਾਲਸਾ, ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਨੇ ਵਿਸ਼ੇਸ਼ ਸਹਿਯੋਗ ਦਿੱਤਾ ਗਿਆ।

## ਸ਼੍ਰੋਮਣੀ ਕਮੇਟੀ ਵੱਲੋਂ ਗਾਂਧੀ ਨਗਰ ਜੰਮੂ ਵਿਖੇ ਮੈਡੀਕਲ ਕੈਂਪ ਲਗਾਇਆ



ਜੰਮੂ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਆਦੇਸ਼ਾਂ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਸਿੱਖ ਧਰਮ ਦੇ ਪ੍ਰਚਾਰ ਪ੍ਰਸਾਰ ਦੇ ਨਾਲ-ਨਾਲ ਲੋੜਵੰਦਾਂ ਦੀ ਸਹਾਇਤਾ ਲਈ ਫ੍ਰੀ ਮੈਡੀਕਲ ਕੈਂਪ ਵੀ ਲਗਾਏ ਜਾ ਰਹੇ ਹਨ ਜਿਸ ਵਿਚ ਲੋੜਵੰਦਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਜਾਂਦੀਆਂ ਹਨ। ਇਸੇ ਲੜੀ ਤਹਿਤ ਸਿੱਖ ਮਿਸ਼ਨ ਜੰਮੂ ਦੇ ਉਪਰਾਲੇ ਨਾਲ 19 ਜਨਵਰੀ ਨੂੰ ਗਾਂਧੀ ਨਗਰ ਜੰਮੂ ਵਿਖੇ ਮੈਡੀਕਲ ਕੈਂਪ ਸਵੇਰੇ 10 ਵਜੇ ਤੋਂ ਦੁਪਿਹਰ 2 ਵਜੇ ਤੱਕ ਲਗਾਇਆ ਗਿਆ। ਇਸ ਕੈਂਪ ਵਿੱਚ ਸ੍ਰੀ ਗੁਰੂ ਰਾਮਦਾਸ ਮੈਡੀਕਲ ਚੈਰੀਟੇਬਲ ਹਸਪਤਾਲ ਸ੍ਰੀ ਅੰਮ੍ਰਿਤਸਰ ਦੇ ਮਾਹਿਰ ਡਾਕਟਰ ਸਾਹਿਬ ਆਪਣੀ ਪੂਰੀ ਮੈਡੀਕਲ ਟੀਮ ਨਾਲ ਪਹੁੰਚੇ। ਇਸ ਮੈਡੀਕਲ ਕੈਂਪ ਵਿਚ 500 ਤੋਂ ਵਧ ਮਰੀਜ਼ਾਂ ਦੀ ਜਾਂਚ ਕੀਤੀ ਗਈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲਗਾਏ ਗਏ ਇਸ ਕੈਂਪ ਤੋਂ ਲਾਹਾ ਲੈਣ ਵਾਲੇ ਲੋਕਾਂ ਨੇ ਇਸ ਉਪਰਾਲੇ ਲਈ ਸ਼੍ਰੋਮਣੀ ਕਮੇਟੀ ਦਾ ਧੰਨਵਾਦ ਕੀਤਾ।

## ਪਿੰਡ ਕੌਲਪੁਰ ਜ਼ਿਲ੍ਹਾ ਸਾਂਬਾ (ਜੰਮੂ ਕਸ਼ਮੀਰ) ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ



ਸਾਂਬਾ- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਤੇ ਗੁਰਦੁਆਰਾ ਸਾਹਿਬ ਦੀ ਨਵੀਂ ਇਮਾਰਤ ਦੇ ਉਦਘਾਟਨ ਦੇ ਅਵਸਰ ਤੇ ਸਿੱਖ ਮਿਸ਼ਨ ਜੰਮੂ ਕਸ਼ਮੀਰ (ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ) ਵੱਲੋਂ ਲੋਕਲ ਕਮੇਟੀ, ਡਿਸਟ੍ਰਿਕ ਕਮੇਟੀ ਸਾਂਬਾ ਅਤੇ ਡਿਸਟ੍ਰਿਕ ਕਮੇਟੀ ਕਠੂਆ ਦੇ ਸਹਿਯੋਗ ਨਾਲ ਪਿੰਡ ਕੌਲਪੁਰ ਜਿਲਾ ਸਾਂਬਾ ਵਿਖੇ ਵਿਸੇਸ਼ ਗੁਰਮਤਿ ਸਮਾਗਮ ਕੀਤਾ ਗਿਆ, ਜਿਸ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਾਜਿੰਦਰ ਸਿੰਘ ਮਹਿਤਾ, ਸਰਦਾਰ ਸੁਖਵਰਸ ਸਿੰਘ ਪੰਨੂੰ ਮੈਂਬਰ ਧਰਮ ਪ੍ਰਚਾਰ ਕਮੇਟੀ ਅਤੇ ਸਰਦਾਰ ਸੁਰਜੀਤ ਸਿੰਘ ਭਿਟੇਵੱਢ ਮੈਂਬਰ ਸ਼੍ਰੋਮਣੀ ਕਮੇਟੀ ਉਚੇਚੇ ਤੌਰ ਤੇ ਸ਼ਾਮਿਲ ਹੋਏ। ਇਸ ਗੁਰਮਤਿ ਸਮਾਗਮ ਸਮੇਂ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਭਾਈ ਹਰਪ੍ਰੀਤ ਸਿੰਘ, ਪ੍ਰਚਾਰਕ ਭਾਈ ਸਰਬਜੀਤ ਸਿੰਘ ਲੁਧਿਆਣਾ ਅਤੇ ਭਾਈ ਹਰਭਿੰਦਰ ਸਿੰਘ ਇੰਚਾਰਜ ਸਿੱਖ ਮਿਸ਼ਨ ਜੰਮੂ ਕਸ਼ਮੀਰ ਵੱਲੋਂ ਕਥਾ ਰਾਹੀਂ ਹਾਜਰੀ ਲਵਾਈ।

ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਾਜਿੰਦਰ ਸਿੰਘ ਮਹਿਤਾ ਨੇ ਸੰਗਤਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਜੰਮੂ ਕਸ਼ਮੀਰ ਵਿੱਚ ਸਿੱਖੀ ਦੀ ਪ੍ਰਫੁੱਲਤਾ ਅਤੇ ਸਿੱਖੀ ਪ੍ਰਚਾਰ ਲਈ ਕੀਤੇ ਜਾ ਰਹੇ ਉਦਮ ਦੀ ਪ੍ਰਸੰਸਾ ਕੀਤੀ। ਭਾਈ ਮਹਿਤਾ ਨੇ ਗੁਰਬਾਣੀ ਦੀ ਰੌਸ਼ਨੀ ਵਿਚ ਸੰਗਤਾਂ ਨੂੰ ਗੁਰਬਾਣੀ ਗੁਰਇਤਿਹਾਸ ਤੋਂ ਜਾਣੂ ਕਰਵਾਇਆ ਅਤੇ ਗੁਰਦੁਆਰਾ ਸਾਹਿਬ ਦੀ ਨਵੀਂ ਵਿਸ਼ਾਲ ਇਮਾਰਤ ਲਈ ਸੰਗਤਾਂ ਨੂੰ ਮੁਬਾਰਕਬਾਦ ਦਿੱਤੀ। ਉਨ੍ਹਾਂ ਨੇ

## ਸ਼੍ਰੋਮਣੀ ਕਮੇਟੀ ਨੇ ਵਿਸ਼ਵ ਪੁਸਤਕ ਮੇਲੇ 'ਚ ਕੀਤੀ ਸ਼ਮੂਲੀਅਤ

## ਸਿੱਖ ਇਤਿਹਾਸ ਪ੍ਰਤੀ ਰੁਚੀ ਦਿਖਾਉਂਦਿਆਂ ਪਾਠਕਾਂ ਨੇ ਸ਼੍ਰੋਮਣੀ ਕਮੇਟੀ ਦੀਆਂ ਪ੍ਰਕਾਸ਼ਨਾਵਾਂ 'ਚ ਵਿਖਾਈ ਦਿਲਚਸਪੀ




ਅੰਮ੍ਰਿਤਸਰ- ਸਿੱਖ ਇਤਿਹਾਸ ਅਤੇ ਗੁਰਮਤਿ ਸਿਧਾਂਤਾਂ ਦੀ ਤਰਜ਼ਮਾਨੀ ਕਰਦੇ ਸਾਹਿਤ ਨੂੰ ਪਾਠਕਾਂ ਤੱਕ ਪਹੁੰਚਾਉਣ ਲਈ ਸਿੱਖ ਕੌਮ ਦੀ ਨੁਮਾਇੰਦਾ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਲੀ ਦੇ ਪ੍ਰਗਤੀ ਮੈਦਾਨ 'ਚ ਏਸ਼ੀਆ ਦੇ ਸਭ ਤੋਂ ਵੱਡੇ ਪੁਸਤਕ ਮੇਲੇ ਵਿਚ ਸ਼ਮੂਲੀਅਤ ਕੀਤੀ ਗਈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਜੀ ਲੌਂਗੋਵਾਲ ਦੇ ਨਿਰਦੇਸ਼ਾਂ ਅਨੁਸਾਰ ਪੁਸਤਕ ਮੇਲੇ 'ਚ ਲਗਾਏ ਗਏ ਸ਼੍ਰੋਮਣੀ ਕਮੇਟੀ ਦੀਆਂ ਪ੍ਰਕਾਸ਼ਨਾਵਾਂ ਦੇ ਸਟਾਲ ਪ੍ਰਤੀ ਪਾਠਕਾਂ ਵੱਲੋਂ ਭਾਰੀ ਉਤਸੁਕਤਾ ਦਿਖਾਈ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿੱਖ ਮਿਸ਼ਨ ਦਿੱਲੀ ਦੇ ਸਹਾਇਕ ਇੰਚਾਰਜ ਭਾਈ ਜਸਵੀਰ ਸਿੰਘ ਨੇ ਦੱਸਿਆ ਕਿ ਇਸ ਵਿਸ਼ਵ ਪੁਸਤਕ ਮੇਲੇ 'ਚ ਸ਼੍ਰੋਮਣੀ ਕਮੇਟੀ ਅਤੇ ਧਰਮ ਪ੍ਰਚਾਰ ਕਮੇਟੀ ਦੀਆਂ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿਚ ਪੁਸਤਕਾਂ ਲਗਾਈਆਂ ਗਈਆਂ ਸਨ।

ਇਸ ਦੌਰਾਨ ਸਿੱਖ ਧਰਮ ਤੋਂ ਇਲਾਵਾ ਦੂਜੇ ਧਰਮਾਂ ਦੇ ਪਾਠਕਾਂ ਨੇ ਵੀ ਸਿੱਖ ਇਤਿਹਾਸ ਅਤੇ ਗੁਰਬਾਣੀ ਨਾਲ ਸਬੰਧਤ ਸਾਹਿਤ ਖਰੀਦਣ ਵਿਚ ਰੁਚੀ ਦਿਖਾਈ। ਉਨ੍ਹਾਂ ਦੱਸਿਆ ਕਿ ਪੁਸਤਕ ਮੇਲੇ ਦੌਰਾਨ ਚੀਨ ਤੋਂ ਪਹੁੰਚੇ ਇਕ ਪਾਠਕ ਮਿਸਟਰ ਲੀ ਨੇ ਕਿਹਾ ਕਿ ਉਹ ਸਿੱਖ ਧਰਮ ਬਾਰੇ ਕਾਫ਼ੀ ਸਮੇਂ ਤੋਂ ਜਾਣਕਾਰੀ ਪ੍ਰਾਪਤ ਕਰ ਰਿਹਾ ਹੈ ਅਤੇ ਸ਼੍ਰੋਮਣੀ ਕਮੇਟੀ ਦੇ ਸਟਾਲ ਤੋਂ ਉਸਨੂੰ ਗਿਆਨ ਭਰਪੂਰ ਕਿਤਾਬਾਂ ਮਿਲੀਆਂ ਹਨ। ਪੁਸਤਕ ਮੇਲੇ ਦੌਰਾਨ ਹੋਰ ਪਾਠਕਾਂ ਵੱਲੋਂ ਵੀ ਸ਼੍ਰੋਮਣੀ ਕਮੇਟੀ ਦੇ ਉਪਰਾਲੇ ਦੀ ਭਰਵੀਂ ਪ੍ਰਸੰਸਾ ਕੀਤੀ ਗਈ। ਪੁਸਤਕ ਮੇਲੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਸਟਾਲ 'ਤੇ ਪ੍ਰਚਾਰਕ ਭਾਈ ਕੁਲਵੰਤ ਸਿੰਘ, ਭਾਈ ਪ੍ਰਭ ਸਿੰਘ, ਸ. ਨਰਿੰਦਰ ਸਿੰਘ, ਭਾਈ ਜਰਨੈਲ਼ ਸਿੰਘ, ਭਾਈ ਅਜਾਦਵਿੰਦਰ ਸਿੰਘ ਅਤੇ ਭਾਈ ਸਿਮਰਨਜੀਤ ਸਿੰਘ ਵੱਲੋਂ ਸੇਵਾ ਨਿਭਾਈ ਗਈ।



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ ਬਰੜਵਾਲ ਹਲਕਾ ਅਮਰਗੜ੍ਹ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਸਨਮਾਨਿਤ ਕਰਦੇ ਹੋਏ ਪ੍ਰਬੰਧਕ।

## ਧਰਮ ਪ੍ਰਚਾਰ ਕਮੇਟੀ ਦੀ ਮੀਟਿੰਗ ਦੌਰਾਨ ਆਉਣ ਵਾਲੀਆਂ ਸ਼ਤਾਬਦੀਆਂ ਜਾਹੋ-ਜਲਾਲ ਨਾਲ ਮਨਾਉਣ ਦਾ ਫੈਸਲਾ



ਬਹਾਦਰਗੜ੍ਹ- ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ ਅਡਵਾਂਸਡ ਸਟੱਡੀਜ਼ ਇਨ ਸਿੱਖਇਜ਼ਮ ਬਹਾਦਰਗੜ੍ਹ ਪਟਿਆਲਾ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਹੇਠ ਹੋਈ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਨਾਲ ਸਬੰਧਤ ਏਜੰਡੇ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਰੁਟੀਨ ਦੇ ਕਾਰਜਾਂ ਤੋਂ ਇਲਾਵਾ ਧਰਮ ਪ੍ਰਚਾਰ ਲਹਿਰ ਨੂੰ ਹੋਰ ਪ੍ਰਚੰਡ ਕਰਨ ਸਬੰਧੀ ਵਿਚਾਰਾਂ ਹੋਈਆਂ। ਇਸ ਮੌਕੇ ਅਗਲੇ ਸਮਿਆਂ ਦੌਰਾਨ ਆ ਰਹੀਆਂ ਸ਼ਤਾਬਦੀਆਂ ਨੂੰ ਖਾਲਸਾਈ ਜਾਹੋ-ਜਲਾਲ ਨਾਲ ਮਨਾਉਣ ਦਾ ਫੈਸਲਾ ਵੀ ਕੀਤਾ ਗਿਆ। ਇਸ ਸਬੰਧ ਵਿਚ ਇਕ ਉਚ-ਪੱਧਰੀ ਸਬ-ਕਮੇਟੀ ਸਥਾਪਤ ਕਰਨ ਦੇ ਅਧਿਕਾਰ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਕਮੇਟੀ ਨੂੰ ਦਿੱਤੇ ਗਏ।

ਇਸ ਸਬੰਧੀ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਦੱਸਿਆ ਕਿ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਲਹਿਰ ਨੂੰ ਨਿਰੰਤਰ ਚਲਾ ਰਹੀ ਹੈ ਅਤੇ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ ਦੌਰਾਨ ਇਸ ਲਹਿਰ ਨੂੰ ਹੋਰ ਸਰਗਰਮੀ ਨਾਲ ਘਰ-ਘਰ ਤਕ ਪਹੁੰਚਾਉਣ ਦਾ ਫੈਸਲਾ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਭਵਿੱਖ ਵਿਚ ਆਉਣ ਵਾਲੀਆਂ ਸ਼ਤਾਬਦੀਆਂ ਵੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਵਾਂਗ ਸ਼ਰਧਾ ਨਾਲ ਮਨਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦਾ 100ਵਾਂ ਸਥਾਪਨਾ ਦਿਵਸ ਅਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ 400 ਸਾਲਾ ਪ੍ਰਕਾਸ਼ ਦਿਹਾੜਾ ਕੌਮੀ ਪੱਧਰ 'ਤੇ ਮਨਾਇਆ ਜਾਵੇਗਾ। ਇਸ ਤੋਂ ਇਲਾਵਾ ਹੋਰ ਸ਼ਤਾਬਦੀਆਂ ਵੀ ਸ਼ਰਧਾ ਭਾਵਨਾ ਨਾਲ ਧਰਮ ਪ੍ਰਚਾਰ ਦੇ ਮੰਤਵ ਨਾਲ ਮਨਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਮਨਾਈਆਂ ਜਾਣ ਵਾਲੀਆਂ ਸ਼ਤਾਬਦੀਆਂ ਲਈ ਹਾਈਪਾਵਰ ਸਬ ਕਮੇਟੀ ਬਣਾਉਣ ਦਾ ਫੈਸਲਾ ਕੀਤਾ ਗਿਆ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਇਹ ਸ਼ਤਾਬਦੀਆਂ ਖਾਲਸਾਈ ਜਾਹੋ-ਜਲਾਲ ਨਾਲ ਮਨਾਈਆਂ ਜਾਣਗੀਆਂ। ਇਸ ਮੌਕੇ ਧਰਮ ਪ੍ਰਚਾਰ ਦੇ ਮੈਂਬਰ ਸ. ਅਜੈਬ ਸਿੰਘ ਅਭਿਆਸੀ, ਸ. ਮਨਜੀਤ ਸਿੰਘ ਬੱਪੀਆਣਾ, ਸ. ਪ੍ਰਿਤਪਾਲ ਸਿੰਘ, ਸ. ਸੁਖਵਰਸ਼ ਸਿੰਘ, ਮੈਂਬਰ ਸ. ਤੇਜਿੰਦਰਪਾਲ ਸਿੰਘ, ਅੰਤ੍ਰਿੰਗ ਕਮੇਟੀ ਜਸਮੇਰ ਸਿੰਘ ਲਾਡਛੂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਅਵਤਾਰ ਸਿੰਘ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਐਡੀਸ਼ਨਲ ਸਕੱਤਰ ਇੰਜੀ: ਸੁਖਮਿੰਦਰ ਸਿੰਘ, ਨਿੱਜੀ ਸਹਾਇਕ ਸ. ਦਰਸ਼ਨ ਸਿੰਘ, ਮੈਨੇਜਰ ਸ. ਕਰਨੈਲ ਸਿੰਘ ਨਾਭਾ ਆਦਿ ਹਾਜ਼ਰ ਸਨ।

## ਗੁਰਦੁਆਰਾ ਅਕਾਲਗੜ੍ਹ ਸਾਹਿਬ ਸਨੌਰ ਪਟਿਆਲਾ ਵਿਖੇ ਗੁਰਮਤਿ ਸਮਾਗਮ ਕਰਵਾਇਆ




ਪਟਿਆਲਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਅਕਾਲ ਗੜ੍ਹ ਸਾਹਿਬ ਸਨੌਰ ਪਟਿਆਲਾ ਵਿਖੇ 28 ਜਨਵਰੀ 2020 ਨੂੰ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਦੇਵ ਸਿੰਘ ਓਗਰਾ, ਭਾਈ ਹਰਪ੍ਰੀਤ ਸਿੰਘ ਜੰਡਿਆਲਾ ਗੁਰੂ ਨੇ ਕਥਾ ਵਿਚਾਰਾਂ ਕੀਤੀਆਂ ਅਤੇ ਭਾਈ ਗੁਰਪਿਆਰ ਸਿੰਘ ਜੌਹਰ ਦੇ ਢਾਡੀ ਜਥੇ ਨੇ ਵਾਰਾਂ ਗਾਇਨ ਕਰ ਕੇ ਸੰਗਤਾਂ ਨੂੰ ਇਤਿਹਾਸ ਨਾਲ ਜੋੜਿਆ। ਇਸ ਮੌਕੇ ਗੁਰੂ ਗੋਬਿੰਦ ਸਿੰਘ ਜੀ ਅਕੈਡਮੀ ਪਟਿਆਲਾ ਦੇ ਬੱਚੇ ਅਤੇ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼੍ਰੀ ਅੰਮ੍ਰਿਤਸਰ ਸਾਹਿਬ ਦੇ ਅੰਤ੍ਰਿੰਗ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ ਅਤੇ ਬੀਬੀ ਕੁਲਦੀਪ ਕੌਰ ਟੌਹੜਾ ਨੇ ਵੀ ਵਿਸ਼ੇਸ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 115 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ।

ਸਮਾਗਮ ਦੌਰਾਨ ਪ੍ਰਚਾਰਕ ਭਾਈ ਜਸਵੀਰ ਸਿੰਘ ਤੇ ਭਾਈ ਅਵਤਾਰ ਸਿੰਘ ਬਲੋਪੁਰ ਨੇ ਸਟੇਜ ਦੀ ਸੇਵਾ ਨਿਭਾਈ। ਸਮਾਗਮ ਦੀ ਸਫਲਤਾ ਲਈ ਇੰਜੀ: ਸੁਖਮਿੰਦਰ ਸਿੰਘ ਵਧੀਕ ਸਕੱਤਰ, ਸ. ਕਰਨੈਲ ਸਿੰਘ ਜੀ ਨਾਭਾ ਮੈਨੇਜਰ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਪਟਿਆਲਾ, ਭਾਈ ਹੀਰਾ ਸਿੰਘ ਜੀ ਹੈੱਡ ਗ੍ਰੰਥੀ, ਇੰਚਾਰਜ ਭਾਈ ਭੋਲਾ ਸਿੰਘ ਨੇ ਵਿਸ਼ੇਸ਼ ਸਹਿਯੋਗ ਦਿੱਤਾ। ਇਸ ਮੌਕੇ ਸ. ਵਰਿੰਦਰ ਸਿੰਘ ਸ. ਕਸ਼ਮੀਰ ਸਿੰਘ, ਸ. ਰਾਮ ਸਿੰਘ, ਸ. ਸੁੰਦਰ ਸਿੰਘ, ਸ. ਕ੍ਰਿਸ਼ਨ ਸਿੰਘ, ਸ. ਬਲਦੇਵ ਸਿੰਘ, ਬਾਬਾ ਬਲਵੀਰ ਸਿੰਘ, ਸ ਜੋਗਿੰਦਰ ਸਿੰਘ ਪਟਿਆਲਾ, ਬੀਬੀ ਰਣਜੀਤ ਕੌਰ, ਸ ਹਰਦਿਆਲ ਸਿੰਘ ਹਸਨਪੁਰ, ਸ. ਹਰਚਰਨ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

## ਹਲਕਾ ਝਬਾਲ ਦੇ ਪਿੰਡ ਰਾਜਾਤਾਲ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ

ਝਬਾਲ- ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਬਾਬਾ ਨਿਰਮਲ ਸਿੰਘ ਨੁਸ਼ਹਿਰਾ ਢਾਲਾ ਦੇ ਵਿਸ਼ੇਸ ਜਤਨ ਨਾਲ ਹਲਕਾ ਝਬਾਲ ਦੇ ਪਿੰਡ ਰਾਜਾਤਾਲ ਦੇ ਗੁਰਦਵਾਰਾ ਬਾਬਾ ਜੀਵਨ ਸਿੰਘ ਜੀ ਵਿਖੇ 19 ਜਨਵਰੀ ਨੂੰ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਇਸ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ ਅੰਮ੍ਰਿਤਸਰ ਤੋਂ ਪੁੱਜੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ। ਇਸ ਅੰਮ੍ਰਿਤ ਸੰਚਾਰ ਸਮਾਗਮ ਸਮੇਂ 56 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਸਮਾਗਮ ਤੋਂ ਪਹਿਲਾਂ ਗੁਰ ਫਤਹਿ ਪ੍ਰਚਾਰ ਸਭਾ ਦੇ ਮੁੱਖੀ ਭਾਈ ਗੁਰਿੰਦਰ ਸਿੰਘ, ਪ੍ਰਾਚਾਰਕ ਭਾਈ ਸੁਖਵੰਤ ਸਿੰਘ ਸਭਰਾ ਤੇ ਭਾਈ ਬਲਵਿੰਦਰ ਸਿੰਘ ਝਬਾਲ ਵੱਲੋਂ ਸੰਗਤਾਂ ਨੂੰ ਨਾਲ ਲੈ ਕੇ ਪ੍ਰਭਾਤ ਫੇਰੀ ਰੂਪ ਵਿੱਚ ਘਰ-ਘਰ ਜਾ ਕੇ ਸੰਗਤਾਂ ਨੂੰ ਅੰਮ੍ਰਿਤ ਸੰਚਾਰ ਵਾਸਤੇ ਪ੍ਰੇਰਿਤ ਕੀਤਾ। ਇਸ ਮੌਕੇ ਕੇਸ ਰੱਖਣ ਦਾ ਪ੍ਰਣ ਕਰਨ ਵਾਲੇ ਨੌਜਵਾਨਾਂ ਨੂੰ ਸਿਰਪਾਉ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਭਾਈ ਸੋਹਣ ਸਿੰਘ ਗ੍ਰੰਥੀ, ਭਾਈ ਤਰਸੇਮ ਸਿੰਘ ਰਾਜਾਤਾਲ, ਭਾਈ ਗੁਰਿੰਦਰ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

# ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਪ੍ਰਬੰਧਕ ਕਮੇਟੀ ਦੀ ਇਕੱਤਰਤਾ ਦੌਰਾਨ ਸਰਾਵਾਂ ਆਨਲਾਈਨ ਕਰਨ ਦਾ ਫੈਸਲਾ

## ਪਾਉਂਟਾ ਸਾਹਿਬ ਨੂੰ ਹਿਮਾਚਲ ਪ੍ਰਦੇਸ਼ ਦੇ ਧਰਮ ਪ੍ਰਚਾਰ ਕੇਂਦਰ ਵਜੋਂ ਉਭਾਰੇਗੀ ਸ਼੍ਰੋਮਣੀ ਕਮੇਟੀ: ਭਾਈ ਲੌਂਗੋਵਾਲ



ਪਾਉਂਟਾ ਸਾਹਿਬ- ਦਸਵੇਂ ਪਾਤਿਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨਾਲ ਸਬੰਧਤ ਇਤਿਹਾਸਕ ਅਸਥਾਨ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਪ੍ਰਬੰਧਕ ਕਮੇਟੀ ਦੀ ਇਕੱਤਰਤਾ ਦੌਰਾਨ ਗੁਰਦੁਆਰਾ ਸਾਹਿਬ ਦੀਆਂ ਸਰਾਵਾਂ ਆਨਲਾਈਨ ਕਰਨ ਦਾ ਫੈਸਲਾ ਕੀਤਾ ਗਿਆ ਹੈ। ਇਸ ਤਹਿਤ ਸੰਗਤਾਂ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਜਾਣ ਤੋਂ ਪਹਿਲਾਂ ਹੀ ਆਪਣੀ ਰਿਹਾਇਸ਼ ਰਾਖਵੀਂ ਕਰਵਾ ਸਕਣਗੀਆਂ। ਇਸ ਕਾਰਜ ਨੂੰ ਜਲਦ ਹੀ ਅਮਲੀ ਰੂਪ ਦਿੱਤਾ ਜਾਵੇਗਾ। ਸ਼੍ਰੋਮਣੀ ਕਮੇਟੀ ਅਤੇ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਸ੍ਰੀ ਪਾਉਂਟਾ ਸਾਹਿਬ ਵਿਖੇ ਹੋਈ ਇਕੱਤਰਤਾ ਵਿਚ ਬਾਬਾ ਬੰਦਾ ਸਿੰਘ ਬਹਾਦਰ ਨਾਲ ਸਬੰਧਤ ਕਿਲ੍ਹਾ ਲੋਹਗੜ੍ਹ ਸਾਹਿਬ ਹਰਿਆਣਾ ਦੀ ਚਾਰ ਦਿਵਾਰੀ ਕਰਨ ਅਤੇ ਰਸਤਾ ਬਣਾਉਣ ਨੂੰ ਵੀ ਪ੍ਰਵਾਨਗੀ ਦਿੱਤੀ ਗਈ। ਦੱਸਣਯੋਗ ਹੈ ਕਿ ਹਿਮਾਚਲ ਪ੍ਰਦੇਸ਼ ਖੇਤਰ ਵਿਚ ਪੈਂਦੀ ਕਿਲ੍ਹਾ ਲੋਹਗੜ੍ਹ ਸਾਹਿਬ ਦੀ ਕੁਝ ਜ਼ਮੀਨ ਸ੍ਰੀ ਪਾਉਂਟਾ ਸਾਹਿਬ ਦੀ ਹੋਣ ਕਰਕੇ ਪ੍ਰਬੰਧਕ ਕਮੇਟੀ ਨੇ ਇਹ ਫੈਸਲਾ ਲਿਆ ਹੈ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਅਤੇ ਸ੍ਰੀ ਪਾਉਂਟਾ ਸਾਹਿਬ ਪ੍ਰਬੰਧਕ ਕਮੇਟੀ ਵਲੋਂ ਸਾਂਝੇ ਯਤਨਾਂ ਨਾਲ ਹਿਮਾਚਲ ਪ੍ਰਦੇਸ਼ ਅੰਦਰ ਧਰਮ ਪ੍ਰਚਾਰ ਲਹਿਰ ਨੂੰ ਸਰਗਰਮ ਕਰਨ ਦਾ ਵੀ ਫੈਸਲਾ ਕੀਤਾ ਗਿਆ। ਭਾਈ ਲੌਂਗੋਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਨੂੰ ਸਿੱਖੀ ਦੇ ਪ੍ਰਚਾਰ ਕੇਂਦਰ ਵਜੋਂ ਉਭਾਰਦਿਆਂ ਹਿਮਾਚਲ ਪ੍ਰਦੇਸ਼ ਅੰਦਰ ਸ਼੍ਰੋਮਣੀ ਕਮੇਟੀ ਵਲੋਂ ਜ਼ੋਰਦਾਰ ਧਰਮ ਪ੍ਰਚਾਰ ਮੁਹਿੰਮ ਆਰੰਭੀ ਜਾਵੇਗੀ। ਇਸ ਤਹਿਤ ਸੰਗਤਾਂ ਅੰਦਰ ਗੁਰਮਤਿ ਪ੍ਰਚਾਰ ਦੇ ਨਾਲ-ਨਾਲ ਸਿੱਖ ਨੌਜਵਾਨਾਂ ਨੂੰ ਸਿੱਖੀ ਵਿਰਸੇ ਨਾਲ ਜੋੜਨ ਲਈ ਵੀ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਪ੍ਰਬੰਧਕ ਕਮੇਟੀ ਦੀ ਇਕੱਤਰਤਾ ਮਗਰੋਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਸਿੱਖ ਪੰਥ ਦਾ ਇਕ ਮਹੱਤਵਪੂਰਨ ਇਤਿਹਾਸਕ ਅਤੇ ਧਾਰਮਿਕ ਅਸਥਾਨ ਹੈ, ਜਿੱਥੋਂ ਗੁਰਮਤਿ ਦੀ ਵਿਚਾਰਧਾਰਾ ਨੂੰ ਫੈਲਾਉਣ ਲਈ ਸੰਗਤਾਂ ਤੱਕ ਪਹੁੰਚ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਹਿਮਾਚਲ ਪ੍ਰਦੇਸ਼ ਅੰਦਰ ਚੱਲ ਰਹੀ ਧਰਮ ਪ੍ਰਚਾਰ ਲਹਿਰ ਨੂੰ ਹੋਰ ਸਰਗਰਮ ਕਰਨ ਲਈ ਯੋਜਨਾਬੱਧ ਢੰਗ ਨਾਲ ਪ੍ਰਚਾਰ ਲਹਿਰ ਅੱਗੇ ਵਧਾਈ ਜਾਵੇਗੀ। ਭਾਈ ਲੌਂਗੋਵਾਲ ਅਨੁਸਾਰ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਿਖੇ ਧਰਮ ਪ੍ਰਚਾਰ ਦਾ ਹੈੱਡ ਕੁਆਟਰ ਸਥਾਪਤ ਕਰਕੇ ਇੱਥੇ ਧਰਮ ਪ੍ਰਚਾਰ ਕਮੇਟੀ ਵਲੋਂ ਪ੍ਰਚਾਰਕ, ਢਾਡੀ ਅਤੇ ਕਵੀਸ਼ਰੀ ਜਥੇ ਭੇਜੇ ਜਾਣਗੇ, ਜੋ ਅੱਗੇ ਪਿੰਡ ਪੱਧਰ ਤੱਕ ਧਰਮ ਪ੍ਰਚਾਰ ਲਈ ਕਾਰਜਸ਼ੀਲ ਹੋਣਗੇ। ਇਹ ਪ੍ਰਚਾਰ ਕੇਂਦਰ ਧਰਮ ਪ੍ਰਚਾਰ ਲਹਿਰ ਦੇ ਦੁਆਬਾ ਜੋਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਨਾਲ ਜੋੜਿਆ ਜਾਵੇਗਾ। ਭਾਈ ਲੌਂਗੋਵਾਲ ਨੇ ਕਿਹਾ ਕਿ ਮੌਜੂਦਾ ਸਮੇਂ ਅਨੁਸਾਰ ਪ੍ਰਚਾਰ ਸਾਧਨਾਂ ਨੂੰ ਵਰਤੋਂ ਵਿਚ ਲਿਆਂਦਾ ਜਾਵੇਗਾ। ਕੋਸ਼ਿਸ਼ ਰਹੇਗੀ ਕਿ ਗੁਰਮਤਿ ਸਮਾਗਮਾਂ ਤੋਂ ਇਲਾਵਾ ਸੰਵਾਦ ਵਿਧੀ ਨੂੰ ਵੀ ਨੌਜਵਾਨਾਂ ਤੱਕ ਪਹੁੰਚ ਕਰਨ ਲਈ ਅਪਨਾਇਆ ਜਾਵੇ। ਉਨ੍ਹਾਂ ਕਿਹਾ ਕਿ ਅੱਜ ਇਸ ਗੱਲ ਦੀ ਵੱਡੀ ਲੋੜ ਹੈ ਕਿ ਨੌਜਵਾਨ ਪੀੜ੍ਹੀ ਕੋਲੋਂ ਉਨ੍ਹਾਂ ਦੇ ਸਵਾਲ ਲਏ ਜਾਣ ਅਤੇ ਫਿਰ ਗੁਰਬਾਣੀ, ਗੁਰ-ਇਤਿਹਾਸ ਅਤੇ ਰਹਿਤ ਮਰਯਾਦਾ ਦੀ ਰੌਸ਼ਨੀ ਵਿਚ ਉਨ੍ਹਾਂ ਨੂੰ ਜਵਾਬ ਦਿੱਤੇ ਜਾਣ। ਸਿੱਖ ਮਰਯਾਦਾ ਅਤੇ ਪਰੰਪਰਾਵਾਂ ਦਾ ਸਿੱਖ ਬੱਚਿਆਂ ਅਤੇ ਨੌਜਵਾਨਾਂ ਅੰਦਰ ਸੰਚਾਰ ਕਰਨ ਲਈ ਸ਼੍ਰੋਮਣੀ ਕਮੇਟੀ ਸੁਹਿਰਦ ਯਤਨ ਕਰੇਗੀ ਤਾਂ ਜੋ ਉਹ ਆਪਣੀ ਵਿਰਾਸਤ ਨੂੰ ਅੱਗੇ ਲਿਜਾ ਸਕਣ। ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਪ੍ਰਬੰਧਕ ਕਮੇਟੀ ਦੀ ਇਕੱਤਰਤਾ ਦੌਰਾਨ ਗੁਰਦੁਆਰਾ ਸਾਹਿਬ ਦੇ ਪ੍ਰਬੰਧਕੀ ਮਾਮਲਿਆਂ ਅਤੇ ਸੰਗਤੀ ਸਹੂਲਤਾਂ ਸਬੰਧੀ ਮਾਮਲੇ ਵੀ ਵਿਚਾਰੇ ਗਏ।

ਇਕੱਤਰਤਾ ਦੌਰਾਨ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲੇ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਸ੍ਰੀ ਪਾਉਂਟਾ ਸਾਹਿਬ ਕਮੇਟੀ ਦੇ ਮੀਤ ਪ੍ਰਧਾਨ ਸ. ਹਰਭਜਨ ਸਿੰਘ, ਸ. ਹਰਪ੍ਰੀਤ ਸਿੰਘ, ਸ. ਕਰਮਵੀਰ ਸਿੰਘ, ਬਾਬਾ ਨਾਗਰ ਸਿੰਘ, ਸ. ਜਗੀਰ ਸਿੰਘ ਮੈਨੇਜਰ, ਸ. ਦਰਸ਼ਨ ਸਿੰਘ ਪੀ.ਏ. ਤੇ ਸ. ਗੁਰਮੀਤ ਸਿੰਘ ਆਦਿ ਮੌਜੂਦ ਸਨ।

# ਗੁਰਦੁਆਰਾ ਸ਼ਹੀਦ ਭਾਈ ਤਾਰਾ ਸਿੰਘ ਜੀ ਪਿੰਡ ਵਾਂ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ



ਤਰਨ ਤਾਰਨ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਗੁਰਦੁਆਰਾ ਸ਼ਹੀਦ ਭਾਈ ਤਾਰਾ ਸਿੰਘ ਜੀ ਪਿੰਡ ਵਾਂ (ਤਰਨ ਤਾਰਨ) ਵਿਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਗੁਰਬਚਨ ਸਿੰਘ ਕਲਸੀਆਂ ਤੇ ਭਾਈ ਹੀਰਾ ਸਿੰਘ ਮਨਿਹਾਲਾ ਨੇ ਸੰਗਤਾਂ ਨੂੰ ਸਿੱਖ ਇਤਿਹਾਸ ਤੇ ਗੁਰਮਤਿ ਸਿਧਾਂਤਾਂ ਦੀ ਜਾਣਕਾਰੀ ਦਿੰਦਿਆਂ ਅੰਮ੍ਰਿਤ ਛਕਣ ਦੀ ਪ੍ਰੇਰਨਾ ਕੀਤੀ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪਹੁੰਚੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ, ਜਿਸ ਮੌਕੇ 60 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ। ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਗੁਰਦੁਆਰਾ ਸਾਹਿਬ ਦੇ ਮੈਨੇਜਰ ਸ. ਲਖਬੀਰ ਸਿੰਘ ਬਹਿੜਵਾਲ ਨੇ ਅੰਮ੍ਰਿਤਪਾਨ ਕਰਨ ਵਾਲੀਆਂ ਸੰਗਤਾਂ ਨੂੰ ਵਧਾਈ ਦਿੱਤੀ ਅਤੇ ਸਰੀ ਅਕਾਲ ਤਖ਼ਤ ਸਾਹਿਬ ਤੋਂ ਪਹੁੰਚੇ ਪੰਜ ਪਿਆਰੇ ਸਾਹਿਬਾਨ ਅਤੇ ਪ੍ਰਚਾਰਕ ਸਿੰਘਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

# ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਿਖੇ ਸੰਗਤਾਂ ਲਈ ਤਿੰਨ ਮੰਜ਼ਿਲਾ ਐਨ.ਆਰ.ਆਈ. ਨਿਵਾਸ ਦਾ ਕੀਤਾ ਉਦਘਾਟਨ



ਪਾਉਂਟਾ ਸਾਹਿਬ- ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਪ੍ਰਬੰਧਕ ਕਮੇਟੀ ਦੀ ਇਕੱਤਰਤਾ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਿਖੇ ਪੁੱਜਦੀਆਂ ਸੰਗਤਾਂ ਦੀ ਰਿਹਾਇਸ਼ ਲਈ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਐਨ.ਆਰ.ਆਈ. ਨਿਵਾਸ ਦਾ ਉਦਘਾਟਨ ਕੀਤਾ। ਇਸ ਚਾਰ ਮੰਜ਼ਿਲਾ ਯਾਤਰੀ ਨਿਵਾਸ ਦੀ ਕਾਰ ਸੇਵਾ ਬਾਬਾ ਹਰਬੰਸ ਸਿੰਘ ਦਿੱਲੀ ਵਾਲਿਆਂ ਵੱਲੋਂ ਵਰੋਸਾਏ ਬਾਬਾ ਸੁੱਖਾ ਸਿੰਘ ਨੇ ਕਰਵਾਈ ਹੈ। ਭਾਈ ਲੌਂਗੋਵਾਲ ਨੇ ਦੱਸਿਆ ਕਿ ਇਹ ਅਤਿ-ਅਧੁਨਿਕ ਨਿਵਾਸ ਵਿਚ 70 ਦੇ ਕਰੀਬ ਕਮਰੇ ਤਿਆਰ ਕੀਤੇ ਗਏ ਹਨ। ਇਸ ਤੋਂ ਇਲਾਵਾ ਇਕ ਮੀਟਿੰਗ ਹਾਲ ਅਤੇ ਕਾਰ ਪਾਰਕਿੰਗ ਵੀ ਤਿਆਰ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਜਲਦ ਹੀ ਨਵਾਂ ਦੀਵਾਨ ਹਾਲ ਵੀ ਸੰਗਤ ਲਈ ਖੋਲ੍ਹ ਦਿੱਤਾ ਜਾਵੇਗਾ। ਇਸੇ ਦੌਰਾਨ ਭਾਈ ਲੌਂਗੋਵਾਲ ਨੇ ਗੁਰਦੁਆਰਾ ਸਾਹਿਬ ਵਿਖੇ 320 ਕੇ.ਵੀ. ਦੇ ਜਨਰੇਟਰ ਅਤੇ 400 ਕੇ.ਵੀ. ਟਰਾਂਸਫਾਰਮਰ ਦੀ ਰਸਮੀ ਸ਼ੁਰੂ ਵੀ ਕੀਤੀ। ਇਸ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਪੂਰਨ ਕਥਾ ਦੇ ਭੋਗ ਪਾਏ ਗਏ। ਇਸ ਮੌਕੇ ਭਾਈ ਸਾਹਿਬ ਸਿੰਘ ਸ਼ਾਹਬਾਦ ਮਾਰਕੰਡਾ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲੇ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਮੈਂਬਰ ਸ. ਭੁਪਿੰਦਰ ਸਿੰਘ ਅਸੰਧ, ਸ੍ਰੀ ਪਾਉਂਟਾ ਸਾਹਿਬ ਕਮੇਟੀ ਦੇ ਮੀਤ ਪ੍ਰਧਾਨ ਸ. ਹਰਭਜਨ ਸਿੰਘ, ਸ. ਹਰਪ੍ਰੀਤ ਸਿੰਘ, ਸ. ਕਰਮਵੀਰ ਸਿੰਘ, ਬਾਬਾ ਨਾਗਰ ਸਿੰਘ, ਸ. ਜਗੀਰ ਸਿੰਘ ਮੈਨੇਜਰ, ਵਿਧਾਇਕ ਚੌਧਰੀ ਸੁਖਰਾਮ ਜੀ, ਸ. ਦਰਸ਼ਨ ਸਿੰਘ ਪੀਏ, ਬਾਬਾ ਅਮਰੀਕ ਸਿੰਘ ਪਟਿਆਲਾ, ਸ. ਓਂਕਾਰ ਸਿੰਘ, ਸ. ਅਵਤਾਰ ਸਿੰਘ ਤਾਰੀ, ਸ. ਦਰਸ਼ਨ ਸਿੰਘ ਪ੍ਰਧਾਨ ਸੁਖਮਨੀ ਸੁਸਾਇਟੀ, ਸ. ਤਰਵਿੰਦਰ ਸਿੰਘ, ਸ. ਜਸਵੰਤ ਸਿੰਘ ਆਦਿ ਮੌਜੂਦ ਸਨ।

# ਬੀਕਾਨੇਰ ਕੈਂਸਰ ਹਸਪਤਾਲ 'ਚ ਲੰਗਰ 'ਤੇ ਰੋਕ ਹਟਾਵੇ ਰਾਜਿਸਥਾਨ ਸਰਕਾਰ-ਭਾਈ ਲੌਂਗੋਵਾਲ

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਬੀਕਾਨੇਰ ਵਿਖੇ ਕੈਂਸਰ ਹਸਪਤਾਲ ਵਿਚ ਮਰੀਜ਼ਾਂ ਲਈ ਪੰਜਾਬ ਦੀ ਸੰਗਤ ਵੱਲੋਂ ਲਗਾਏ ਜਾਂਦੇ ਲੰਗਰ 'ਤੇ ਸਥਾਨਕ ਪ੍ਰਸ਼ਾਸਨ ਵੱਲੋਂ ਰੋਕ ਤੁਰੰਤ ਖਤਮ ਕੀਤੀ ਜਾਣੀ ਚਾਹੀਦੀ ਹੈ। ਇਸ ਸਬੰਧ ਵਿਚ ਰਾਜਿਸਥਾਨ ਸਰਕਾਰ ਨੂੰ ਆਦੇਸ਼ ਜਾਰੀ ਕਰ ਕੇ ਇਸ ਮਸਲੇ ਦਾ ਹੱਲ ਕਰਨਾ ਚਾਹੀਦਾ ਹੈ।

ਭਾਈ ਲੌਂਗੋਵਾਲ ਨੇ ਆਖਿਆ ਕਿ ਲੋੜਵੰਦਾਂ ਅਤੇ ਮਰੀਜ਼ਾਂ ਦੀ ਸੇਵਾ ਲਈ ਲੰਗਰ ਨੂੰ ਰੋਕਣਾ ਠੀਕ ਨਹੀਂ ਹੈ। ਸੰਗਤਾਂ ਵੱਲੋਂ ਲੰਮੇ ਸਮੇਂ ਤੋਂ ਇਹ ਸੇਵਾ ਕੀਤੀ ਜਾ ਰਹੀ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਇਸ ਕਾਰਜ ਲਈ ਤਾਂ ਰਾਜਿਸਥਾਨ ਸਰਕਾਰ ਨੂੰ ਸੰਗਤ ਦੀ ਪ੍ਰਸ਼ੰਸਾ ਅਤੇ ਸਹਾਇਤਾ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਕੈਂਸਰ ਪੀੜਤ ਮਰੀਜ਼ ਤਾਂ ਪਹਿਲਾਂ ਹੀ ਹਾਲਾਤਾਂ ਦੇ ਝੰਬੇ ਹੁੰਦੇ ਹਨ ਅਤੇ ਅਜਿਹੇ ਸਮੇਂ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਰਾਹਤ ਦੇਣ ਲਈ ਲਗਾਏ ਜਾਂਦੇ ਲੰਗਰ ਨੂੰ ਰੋਕਣਾ ਪੀੜਤਾਂ ਲਈ ਇਕ ਹੋਰ ਵੱਡੀ ਮੁਸੀਬਤ ਦੀ ਤਰ੍ਹਾਂ ਹੈ। ਉਨ੍ਹਾਂ ਕਿਹਾ ਕਿ ਮਰੀਜ਼ਾਂ ਦੇ ਵਾਰਸ ਜੇਕਰ ਬਾਹਰੋਂ ਪ੍ਰਸ਼ਾਦਾ ਛਕਦੇ ਹਨ ਤਾਂ ਉਨ੍ਹਾਂ ਨੂੰ ਇਕ ਵਾਧੂ ਆਰਥਿਕ ਬੋਝ ਝੱਲਣਾ ਪੈਂਦਾ ਹੈ। ਭਾਈ ਲੌਂਗੋਵਾਲ ਨੇ ਦੱਸਿਆ ਕਿ ਇਸ ਸਬੰਧ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸ਼੍ਰੋਮਣੀ ਕਮੇਟੀ ਨੂੰ ਰਾਜਿਸਥਾਨ ਸਰਕਾਰ ਨਾਲ ਰਾਬਤਾ ਬਣਾਉਣ ਲਈ ਕਿਹਾ ਹੈ, ਜਿਸ 'ਤੇ ਗੌਰ ਕਰਦਿਆਂ ਜਲਦ ਹੀ ਸਰਕਾਰ ਤੱਕ ਪਹੁੰਚ ਕੀਤੀ ਜਾਵੇਗੀ।

# ਬੀਬੀ ਬਲਵੰਤ ਕੌਰ ਮੈਮੋਰੀਅਲ ਸਕੂਲ ਸੁਲਤਾਨਪੁਰ ਲੋਧੀ ਵਿਖੇ ਬੱਚਿਆਂ ਲਈ ਸ਼ਖ਼ਸੀਅਤ ਉਸਾਰੀ ਵਰਕਸ਼ਾਪ ਲਗਾਈ




ਸੁਲਤਾਨਪੁਰ ਲੋਧੀ- ਬੀਬੀ ਬਲਵੰਤ ਕੌਰ ਮੈਮੋਰੀਅਲ ਸਕੂਲ ਸੁਲਤਾਨਪੁਰ ਲੋਧੀ ਦੇ ਚੇਅਰਮੈਨ ਜੈਪਾਲ ਸਿੰਘ ਯੂ.ਕੇ. ਅਤੇ ਮੈਨੇਜਰ ਗੁਰਦਿਆਲ ਸਿੰਘ ਦੀ ਅਗਵਾਈ ਹੇਠ ਸਕੂਲ ਵਿਖੇ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਬੱਚਿਆਂ ਲਈ ਸ਼ਖ਼ਸੀਅਤ ਉਸਾਰੀ ਵਰਕਸ਼ਾਪ ਲਗਾਈ ਗਈ ਅਤੇ ਬੱਚਿਆਂ ਦੇ ਕਵਿਤਾ ਤੇ ਕਵੀਸ਼ਰੀ ਮੁਕਾਬਲੇ ਕਰਵਾਏ ਗਏ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰਚਾਰਕ ਭਾਈ ਹਰਜੀਤ ਸਿੰਘ ਇੰਚਾਰਜ ਮਾਝਾ ਜ਼ੋਨ ਅਤੇ ਉਨ੍ਹਾਂ ਦੀ ਟੀਮ ਨੇ ਬੱਚਿਆਂ ਨੂੰ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਾਤਾਵਰਨ ਸੰਭਾਲ ਅਤੇ ਸਮਾਜਿਕ ਬੁਰਾਈਆਂ ਸਬੰਧੀ ਜਾਣਕਾਰੀ ਦਿੰਦਿਆਂ ਬੱਚਿਆਂ ਲਈ ਸ਼ਖ਼ਸੀਅਤ ਉਸਾਰੀ ਵਰਕਸ਼ਾਪ ਲਗਾਈ। ਇਸ ਮੌਕੇ ਬੱਚਿਆਂ ਦੇ ਕਵੀਸ਼ਰੀ ਅਤੇ ਕਵਿਤਾ ਮੁਕਾਬਲੇ ਕਰਵਾਏ ਗਏ। ਮੁਕਾਬਲੇ ਵਿਚ ਜੇਤੂ ਰਹੇ ਬੱਚਿਆਂ ਨੂੰ ਮੈਡਲ ਅਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ। ਮੈਨੇਜਰ ਸ. ਗੁਰਦਿਆਲ ਸਿੰਘ ਨੇ ਬੱਚਿਆਂ ਵਲੋਂ ਵਿਖਾਈ ਗਈ ਪ੍ਰਤਿਭਾ ਦੀ ਸ਼ਲਾਘਾ ਕੀਤੀ ਅਤੇ ਬੱਚਿਆਂ ਨੂੰ ਵਧੀਆ ਧਾਰਮਿਕ ਸਿੱਖਿਆ ਦੇਣ ਲਈ ਧਰਮ ਪ੍ਰਚਾਰ ਕਮੇਟੀ ਦੇ ਮਾਝਾ ਜ਼ੋਨ ਦੇ ਇੰਚਾਰਜ ਭਾਈ ਹਰਜੀਤ ਸਿੰਘ ਦਾ ਵਿਸ਼ੇਸ਼ ਸਨਮਾਨ ਕੀਤਾ। ਇਸ ਮੌਕੇ ਪ੍ਰਿੰਸੀਪਲ ਆਰਤੀ ਸ਼ਰਮਾ, ਅਰਵਿੰਦਰ ਕੌਰ, ਪਰਮਜੀਤ ਕੌਰ, ਮਨੀਸ਼ਾ, ਕੁਲਵਿੰਦਰ ਕੌਰ, ਨਿੰਦਰ ਕੌਰ, ਮਨਪ੍ਰੀਤ ਕੌਰ, ਬੇਬੀ ਸਮੂਹ ਅਧਿਆਪਕਾ ਤੋਂ ਇਲਾਵਾ ਪਵਨਦੀਪ ਕੌਰ, ਵਿਕਰਮ ਸਿੰਘ, ਗਗਨਪ੍ਰੀਤ ਕੌਰ, ਰਮਨਜੀਤ ਕੌਰ, ਮਨਵੀਰ ਕੌਰ ਤੋਂ ਇਲਾਵਾ ਸਮੂਹ ਸਟਾਫ਼ ਤੇ ਬੱਚੇ ਹਾਜ਼ਰ ਸਨ।

# ਗੁਰਦੁਆਰਾ ਗੁਰੂਸਰ ਸਤਲਾਣੀ ਸਾਹਿਬ ਵਿਖੇ ਬੱਚਿਆਂ ਦਾ ਗੁਰਮਤਿ ਸਿਖਲਾਈ ਕੈਂਪ ਲਗਾਇਆ



ਸਤਲਾਣੀ ਸਾਹਿਬ- ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿਸੇਸ਼ ਸਹਿਯੋਗ ਨਾਲ ਲੰਗਰ ਚਲੈ ਗੁਰ ਸ਼ਬਦ ਸੰਸਥਾ ਚੀਚਾ ਭਕਨਾ ਵੱਲੋਂ ਬੱਚਿਆਂ ਦਾ ਗੁਰਮਤਿ ਸਿਖਲਾਈ ਕੈਂਪ ਗੁਰਦੁਆਰਾ ਗੁਰੂਸਰ ਸਤਲਾਣੀ ਸਾਹਿਬ ਹੁਸ਼ਿਆਰਨਗਰ ਵਿਖੇ ਲਗਵਾਇਆ ਗਿਆ, ਜਿਸ ਵਿੱਚ 11 ਸਕੂਲਾਂ ਦੇ ਬੱਚਿਆਂ ਨੇ ਭਾਗ ਲਿਆ।ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਮੰਗਵਿੰਦਰ ਸਿੰਘ ਖਾਪੜਖੇੜੀ ਵਿਸ਼ੇਸ ਤੌਰ ਤੇ ਪਹੁੰਚੇ। ਇਸ ਕੈਂਪ ਵਿਚ ਗਿਆਨੀ ਸੁਰਜੀਤ ਸਿੰਘ ਸਭਰਾ ਹੈੱਡ ਗ੍ਰੰਥੀ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ, ਪ੍ਰਚਾਰਕ ਭਾਈ ਸੁਖਵੰਤ ਸਿੰਘ ਸਭਰਾ, ਭਾਈ ਬਲਵਿੰਦਰ ਸਿੰਘ ਝਬਾਲ, ਤੇ ਭਾਈ ਪਰਮਪਾਲ ਸਿੰਘ ਸਭਰਾ ਵੱਲੋਂ ਬੱਚਿਆਂ ਨੂੰ ਸ੍ਰੀ ਗੁਰੂ ਨਾਨਕ ਸਾਹਿਬ ਜੀ ਦੀਆਂ ਸਿਖਿਆਵਾਂ ਤੋਂ ਜਾਣੂ ਕਰਵਾਇਆ। ਇਸ ਗੁਰਮਤਿ ਸਿਖਲਾਈ ਕੈਂਪ ਦੀ ਸਮਾਪਤੀ ਸਮੇਂ ਬੱਚਿਆਂ ਦੇ ਕੁਇਜ ਤੇ ਹੋਰ ਧਾਰਮਿਕ ਮੁਕਾਬਲੇ ਕਰਵਾਏ ਗਏ। ਮੁਕਾਬਲੇ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਨਗਦੀ ਇਨਾਮ, ਸਨਮਾਨ ਚਿੰਨ੍ਹ ਅਤੇ ਮੈਡਲਾਂ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੈਨੇਜਰ ਸ. ਬਲਦੇਵ ਸਿੰਘ ਖੈਰਾਬਾਦ, ਗ੍ਰੰਥੀ ਭਾਈ ਕਿਰਪਾਲ ਸਿੰਘ ਪੱਧਰੀ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

# ਗੁਰਦੁਆਰਾ ਬਾਬਾ ਬੰਦਾ ਸਿੰਘ ਜੀ ਬਹਾਦਰ ਪਿੰਡ ਚਮਿਆਰੀ ਵਿਖੇ ਗੁਰਬਾਣੀ ਕੰਠ ਤੇ ਸੁੰਦਰ ਦਸਤਾਰ ਮੁਕਾਬਲੇ



ਚਮਿਆਰੀ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਲਹਿਤ ਤਹਿਤ ਨੌਜਵਾਨ ਪੀੜ੍ਹੀ ਨੂੰ ਸਿੱਖ ਵਿਰਸੇ ਨਾਲ ਜੋੜਨ ਦੇਜਤਨ ਕੀਤੇ ਜਾ ਰਹੇ ਹਨ। ਇਸੇ ਤਹਿਤ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਅਤੇ ਬਾਬਾ ਬੁੱਢਾ ਸਾਹਿਬ ਇੰਟਰਨੈਸ਼ਨਲ ਗ੍ਰੰਥੀ ਸਭਾ ਦੇ ਸਾਂਝੇ ਉਪਰਾਲੇ ਨਾਲ ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦਰ ਪਿੰਡ ਚਮਿਆਰੀ ਵਿਖੇ ਵਿਦਿਆਰਥੀਆਂ ਦੇ ਗੁਰਬਾਣੀ ਕੰਠ ਅਤੇ ਸੁੰਦਰ ਦਸਤਾਰ ਮੁਕਾਬਲੇ ਕਰਵਾਏ ਗਏ। ਇਹ ਮੁਕਾਬਲੇ ਪਹਿਲੀ ਤੋਂ ਪੰਜਵੀ ਤੱਕ, ਛੇਵੀਂ ਤੋਂ ਅੱਠਵੀਂ ਤੱਕ ਅਤੇ ਨੌਵੀਂ ਤੋਂ ਬਾਰਵੀਂ ਤੱਕ ਤਿੰਨ ਵਰਗਾ ਵਿੱਚ ਕਰਵਾਏ ਗਏ। ਮੁਕਾਬਲਿਆਂ ਸਮੇਂ ਪਹਿਲੇ, ਦੂਸਰੇ ਤੇ ਤੀਸਰੇ ਸਥਾਨ ਤੇ ਆਉਣ ਵਾਲੇ ਬੱਚਿਆਂ ਅਤੇ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨ ਚਿੰਨ੍ਹ, ਮੈਡਲ ਤੇ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬਾਬਾ ਵਿਰਸਾ ਸਿੰਘ ਬਾਬਾ ਸਰਵਣ ਸਿੰਘ, ਭਾਈ ਬਲਜੋਧ ਸਿੰਘ, ਭਾਈ ਸੁਖਰਾਜ ਸਿੰਘ, ਭਾਈ ਅੰਗਰੇਜ਼ ਸਿੰਘ, ਭਾਈ ਜੋਗਾ ਸਿੰਘ ਸਮੇਤ ਹੋਰ ਹਾਜ਼ਰ ਸਨ।